ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ
99155-94111

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR ਮੁੱਖ ਸੰਪਾਦਕ : ਅਮਨਦੀਪ ਮਹਿਰਾ ਵੀਰਵਾਰ, 04 ਜੁਲਾਈ 2024

R. N. I. Punpun/29016/2008 * ਸਾਲ 16 , * ਅੰਕ : 31, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com ( dipsimt@gmail.com )
CONTACT : 95010-00697, 97806-00998

## ਚੰਪਾਈ ਸੋਰੇਨ ਨੇ ਝਾਰਖੰਡ ਦੇ ਮੁੱਖ ਮੰਤਰੀ ਦੇ ਅਹੁਦੇ ਤੋਂ ਦਿੱਤਾ ਅਸਤੀਫਾ




ਝਾਰਖੰਡ (ਲੋਕ ਬਾਣੀ)- ਝਾਰਖੰਡ ਦੇ ਮੁੱਖ ਮੰਤਰੀ ਚੰਪਾਈ ਸੋਰੇਨ ਨੇ ਰਾਂਚੀ ਦੇ ਰਾਜ ਭਵਨ ਵਿਚ ਰਾਜਪਾਲ ਸੀ.ਪੀ. ਰਾਧਾਕ੍ਰਿਸ਼ਨਨ ਨੂੰ ਅਸਤੀਫਾ ਸੌਂਪਿਆ। ਅਸਤੀਫ਼ਾ ਸੌਂਪਣ ਤੋਂ ਬਾਅਦ ਚੰਪਾਈ ਸੋਰੇਨ ਨੇ ਕਿਹਾ ਕਿ ਕੁਝ ਦਿਨ ਪਹਿਲਾਂ, ਮੈਨੂੰ ਮੁੱਖ ਮੰਤਰੀ ਬਣਾਇਆ ਗਿਆ ਸੀ ਅਤੇ ਮੈਨੂੰ ਰਾਜ ਦੀ ਜ਼ਿੰਮੇਵਾਰੀ ਮਿਲੀ ਸੀ। ਹੇਮੰਤ ਸੋਰੇਨ ਦੇ ਵਾਪਸ ਆਉਣ ਤੋਂ ਬਾਅਦ, ਸਾਡੇ ਗੱਠਜੋੜ ਨੇ ਇਹ ਫੈਸਲਾ ਲਿਆ ਹੈ ਅਤੇ ਅਸੀਂ ਹੇਮੰਤ ਨੂੰ ਚੁਣਿਆ। ਸੋਰੇਨ ਸਾਡੇ ਨੇਤਾ ਹਨ, ਹੁਣ ਮੈਂ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ।

## ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਮਨੀਪੁਰ ਦੇ ਮੁੱਖ ਮੰਤਰੀ ਨੇ ਕੀਤਾ ਦੌਰਾ

ਮਨੀਪੁਰ,( ਲੋਕ ਬਾਣੀ ) ਮਨੀਪੁਰ ਦੇ ਮੁੱਖ ਮੰਤਰੀ ਐਨ. ਬੀਰੇਨ ਸਿੰਘ ਨੇ ਹੜ੍ਹਾਂ ਨਾਲ ਪ੍ਰਭਾਵਿਤ ਰਿਹਾਇਸ਼ੀ ਇਲਾਕਿਆਂ ਦਾ ਮੁਆਇਨਾ ਕੀਤਾ। ਉਨ੍ਹਾਂ ਨੇ ਕਿਹਾ ਕਿ ਇਹ ਦੂਸਰੀ ਵਾਰ ਹੈ ਜਦੋਂ ਗੜੇਮਾਰੀ ਤੋਂ ਬਾਅਦ ਹੜ੍ਹ ਆਇਆ ਹੈ। ਇਹ ਬਹੁਤ ਮੰਦਭਾਗਾ ਹੈ।ਐਨ.ਡੀ.ਆਰ.ਐਫ. ਦੀਆਂ ਦੋ ਟੀਮਾਂ ਪਹਿਲਾਂ ਹੀ ਸਾਜ਼ੋ-ਸਾਮਾਨ ਦੇ ਨਾਲ ਭੇਜੀਆਂ ਜਾ ਚੁੱਕੀਆਂ ਹਨ। ਜਿਨ੍ਹਾਂ 'ਚ ਰਾਜ ਪੁਲਿਸ ਬਲ ਅਤੇ ਅਸਾਮ ਰਾਈਫਲਜ਼, ਸਾਰੇ ਸ਼ਾਮਿਲ ਹਨ। ਸਰਕਾਰ 24 ਘੰਟੇ ਹਰ ਸੰਭਵ




ਮਦਦ ਪ੍ਰਦਾਨ ਕਰਨ ਜਾ ਰਹੀ ਹੈ ਅਤੇ ਹੁਣ ਅੰਦਰੂਨੀ ਪਿੰਡਾਂ ਤੋਂ ਬਚਾਅ ਕਾਰਜ ਚੱਲ ਰਹੇ ਹਨ, ਮੈਨੂੰ ਲੱਗਦਾ ਹੈ ਕਿ ਜੇਕਰ ਬਾਰਿਸ਼ ਹੁੰਦੀ ਹੈ ਤਾਂ ਸਾਨੂੰ ਥੋੜ੍ਹਾ ਸਾਵਧਾਨ ਰਹਿਣਾ ਚਾਹੀਦਾ ਹੈ।

## ਮਹਾਰਾਸ਼ਟਰ 'ਚ ਨਵੇਂ ਵਾਈਰਲ ਦੀ ਦਹਿਸ਼ਤ

**ਜ਼ੀਕਾ ਵਾਈਰਸ**

ਦਿੱਲੀ (ਲੋਕ ਬਾਣੀ ) ਦੇਸ਼ ਵਿਚ ਇਕ ਨਵੇ ਵਾਈਰਲ ਦੀ ਖ਼ਬਰ ਆ ਰਹੀ ਹੈ ਤਾਜ਼ਾ ਮਾਮਲਾ ਮਹਾਂਰਾਸ਼ਟਰ ਦੇ ਕੁੱਝ ਹਿੱਸਿਆਂ ਵਿਚ ਸਾਹਮਣੇ ਆਏ ਜ਼ੀਕਾ ਵਾਈਰਸ ਦੇ ਕੇਸਾਂ ਮੱਦੇਨਜ਼ਰ ਕੇਂਦਰੀ ਸਿਹਤ ਮੰਤਰਾਲੇ ਨੇ ਦਿਸ਼ਾ ਨਿਰਦੇਸ਼ ਜਾਰੀ ਕਰਦਿਆਂ ਇਸ ਪ੍ਰਤੀ ਚੌਕਸੀ ਵਧਾਉਣ ਲਈ ਕਿਹਾ ਹੈ। ਡਾਇਰੈਕਟਰ ਜਨਰਲ ਅਤੁਲ ਗੋਇਲ ਵੱਲੋਂ ਜਾਰੀ ਨਿਰਦੇਸ਼ਾਂ ਤਹਿਤ ਸੂਬਿਆਂ ਨੂੰ ਗਰਭਵਤੀ ਮਹਿਲਾਵਾਂ ਦੀ ਜਾਂਚ ਅਤੇ ਸੰਕਰਮਿਤ ਮਹਿਲਾਵਾਂ ਦੇ ਭਰੂਣ ਦੇ ਵਿਕਾਸ ਤੇ ਖਾਸ ਧਿਆਨ ਰੱਖਣ ਲਈ ਕਿਹਾ ਗਿਆ ਹੈ। ਇਸ ਤੋਂ ਇਲਾਵਾ ਮੰਤਰਾਲੇ ਵੱਲੋਂ ਸਿਹਤ ਸੰਸਥਾਵਾਂ ਨੂੰ ਡੇਂਗੂ ਵਾਲੇ ਮੱਛਰ ਤੋਂ ਮੁਕਤ ਰੱਖਣ ਲਈ ਨੋਡਲ ਅਫ਼ਸਰ ਨਿਯੁਕਤ ਕਰਨ ਲਈ ਦਿਸ਼ਾ ਨਿਰਦੇਸ਼ ਦਿੱਤੇ ਹਨ

## ਵਾਈ ਫਾਈ ਦੀਆਂ ਸੇਵਾਵਾਂ ਜਲਦ ਰੇਲਵੇ ਸਟੇਸ਼ਨਾਂ ਤੇ ਕੀਤੀਆਂ ਜਾਣਗੀਆਂ ਬਹਾਲ

ਨਵੀਂ ਦਿੱਲੀ (ਲੋਕ ਬਾਣੀ)-ਰੇਲਵੇ ਬੋਰਡ ਵੱਲੋਂ ਕਈ ਰੇਵਲੇ ਸਟੇਸ਼ਨਾਂ ਤੇ ਬੰਦ ਪਈਆਂ ਵਾਈ-ਫਾਈ ਸੁਵਿਧਾਵਾਂ ਦੇ ਮੱਦਦੇਨਜ਼ਰ ਸਖ਼ਤ ਨੋਟਿਸ ਲਿਆ ਗਿਆ ਹੈ। ਉਨ੍ਹਾਂ 17 ਜ਼ੋਨਾਂ ਦੇ ਜਨਰਲ ਮੈਨੇਜਰਾਂ (ਸਿਗਨਲ ਅਤੇ ਦੂਰਸੰਚਾਰ) ਨੂੰ ਪੱਤਰ ਜਾਰੀ ਕਰਦਿਆਂ ਸੇਵਾਵਾਂ ਬਹਾਲ ਕਰਨ ਲਈ ਤੁਰੰਤ ਕਦਮ ਚੁੱਕਣ ਲਈ ਕਿਹਾ ਹੈ। ਬੋਰਡ ਅਨੁਸਾਰ ਦੇਸ਼ ਦੇ 7000 ਤੋਂ ਵੱਧ ਸਟੇਸ਼ਨਾਂ ਵਿਚੋਂ 6108 ਸਟੇਸ਼ਨਾਂ ਤੇ ਯਾਤਰੀਆਂ ਲਈ ਮੁਫ਼ਤ ਵਾਈਫਾਈ ਸੁਵਿਧਾ ਉਪਲਬਧ ਹੈ। ਪੱਤਰ ਵਿਚ




ਕਿਹਾ ਗਿਆ ਹੈ ਕਿ ਕਈ ਕਾਰਨਾਂ ਕਰਕੇ ਵਾਈਫਾਈ ਕੰਮ ਨਹੀਂ ਕਰ ਰਿਹਾ ਹੈ, ਜਿਸ ਨਾਲ ਯਾਤਰੀਆਂ ਨੂੰ ਅਸੁਵਿਧਾ ਹੋ ਰਹੀ ਹੈ। ਬੋਰਡ ਨੇ ਜਨਰਲ ਮੈਨੇਜਰਾਂ ਤੋਂ ਇਕ ਹਫ਼ਤੇ ਵਿਚ ਹਦਾਇਤਾਂ ਦੀ ਪਾਲਣਾ ਸਬੰਧੀ ਕਾਰਵਾਈ ਰਿਪੋਰਟ ਵੀ ਮੰਗੀ ਹੈ

## ਅਮਰਨਾਥ ਯਾਤਰਾ ਤੋਂ ਵਾਪਸ ਪਰਤੀ ਬੱਸ ਹੋਈ ਹਾਦਸੇ ਦਾ ਸ਼ਿਕਾਰ

ਜਲੰਧਰ (ਵਿਸ਼ਾਲ ਸ਼ੈਲੀ) ਰਾਮਬਨ ਨੇੜੇ ਅਮਰਨਾਥ ਦਰਸ਼ਨ ਕਰਕੇ ਪੰਜਾਬ ਪਰਤ ਰਹੇ ਯਾਤਰੀਆਂ ਦੀ ਬੱਸ ਦੀਆਂ ਬ੍ਰੇਕਾਂ ਫੇਲ੍ਹ ਹੋ ਗਈਆਂ। ਚੱਲਦੀ ਬੱਸ ਤੋਂ ਛਾਲ ਮਾਰਨ ਕਾਰਨ ਕਈ ਸ਼ਰਧਾਲੂ ਜ਼ਖ਼ਮੀ ਹੋ ਗਏ। ਹਾਦਸੇ ਵਿਚ ਕਿਸੇ ਦੇ ਮਾਰੇ ਜਾਣ ਦੀ ਖ਼ਬਰ ਨਹੀਂ ਹੈ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਸੁਰੱਖਿਆ ਬਲਾਂ ਨੂੰ ਸੂਚਨਾ ਮਿਲਦੇ ਹੀ ਬੱਸ ਨੂੰ ਰੋਕ ਲਿਆ ਗਿਆ, ਜਿਸ ਨਾਲ ਜੰਮੂ-ਸ਼੍ਰੀਨਗਰ ਨੈਸ਼ਨਲ



ਹਾਈਵੇਅ ਤੇ ਸੰਭਾਵਿਤ ਹਾਦਸੇ ਕਾਰਨ ਵਿਅਕਤੀਆਂ ਵਿੱਚ ਸਹਿਮ ਦਾ ਮਾਹੌਲ ਹੈ

## ਦਿੱਲੀ 'ਚ ਪ੍ਰਦਰਸ਼ਨ ਲਈ ਪੰਜਾਬ ਜ਼ੁਮੇਵਾਰ ਨਹੀਂ

ਨਵੀਂ ਦਿੱਲੀ (ਲੋਕ ਬਾਣੀ) ਦਿੱਲੀ ਦੇ ਪ੍ਰਦੂਸ਼ਣ ਲਈ ਪੰਜਾਬ ਦੇ ਕਿਸਾਨ ਜ਼ਿੰਮੇਵਾਰ ਨਹੀਂ ਹਨ। ਇਸ ਗੱਲ ਦਾ ਦਾਅਵਾ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦੇ ਮੈਂਬਰ ਵਲੋਂ ਕੀਤਾ ਗਿਆ ਹੈ। ਇਸ ਸਬੰਧ ਵਿਚ ਨੈਸ਼ਨਲ ਗ੍ਰੀਨ ਟ੍ਰਿਬਿਊਨਲ (ਐਨਜੀਟੀ) ਦੇ ਮੈਂਬਰ ਜਸਟਿਸ ਸੁਧੀਰ ਅਗਰਵਾਲ ਨੇ ਕਿਹਾ ਹੈ



ਕਿ ਇਸ ਦਾਅਵੇ ਦਾ ਸਮਰਥਨ ਕਰਨ ਲਈ ਕੋਈ ਵਿਗਿਆਨਕ ਅਧਿਐਨ ਨਹੀਂ ਕੀਤਾ ਗਿਆ ਹੈ ਕਿ ਪੰਜਾਬ ਵਿੱਚ ਪਰਾਲੀ ਸਾੜਨਾ ਦਿੱਲੀ ਦੇ ਹਵਾ ਪ੍ਰਦੂਸ਼ਣ ਵਿੱਚ ਯੋਗਦਾਨ ਪਾਉਂਦਾ ਹੈ।

## ਪੰਜਾਬ ਵਿੱਚ ਬਰਸਾਤੀ ਮੌਸਮ ਕਾਰਨ ਸਿਹਤ ਵਿਭਾਗ ਨੂੰ ਮਿਲੇ ਆਦੇਸ਼


ਜਲੰਧਰ (ਵਿਸ਼ਾਲ ਸ਼ੈਲੀ )-ਪੰਜਾਬ 'ਚ ਮਾਨਸੂਨ ਨੇ ਦਸਤਕ ਦੇ ਦਿੱਤੀ ਹੈ, ਜਿਸ ਨਾਲ ਅੱਤ ਦੀ ਗਰਮੀ ਤੋਂ ਕਾਫ਼ੀ ਰਾਹਤ ਮਿਲੀ ਹੈ ਪਰ ਬਰਸਾਤਾਂ ਦੇ ਦਿਨਾਂ 'ਚ ਖਾਣ-ਪੀਣ ਨਾਲ ਸਬੰਧਿਤ ਕਈ ਤਰ੍ਹਾਂ ਦੀਆਂ ਬਿਮਾਰੀਆਂ ਦੇ ਮਾਮਲੇ ਵੀ ਵੱਧ ਜਾਂਦੇ ਹਨ। ਸਿਹਤ ਮਾਹਰਾਂ ਅਨੁਸਾਰ ਬਰਸਾਤਾਂ ਦੇ ਦਿਨਾਂ 'ਚ 5 ਸਾਲ ਦੀ ਉਮਰ ਤੱਕ ਦੇ ਬੱਚੇ ਪੇਟ ਦੀਆਂ ਬਿਮਾਰੀਆਂ ਦਾ ਜ਼ਿਆਦਾ ਸ਼ਿਕਾਰ ਹੁੰਦੇ ਹਨ। ਇਸ ਨੂੰ ਦੇਖਦਿਆਂ ਸਿਹਤ ਵਿਭਾਗ ਹਰਕਤ 'ਚ ਆ ਗਿਆ ਹੈ ਅਤੇ ਸਾਰੇ ਸਰਕਾਰੀ ਸਕੂਲਾਂ



ਨੂੰ ਸਾਫ਼-ਸਫਾਈ ਦਾ ਵਿਸ਼ੇਸ਼ ਧਿਆਨ ਰੱਖਣ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।

## ਪੰਜ ਜੁਲਾਈ ਨੂੰ ਅਮ੍ਰਿਤਪਾਲ ਸਿੰਘ ਚੁਕਣਗੇ ਸਹੁੰ

ਚੰਡੀਗੜ੍ਹ (ਵਿਨੋਦ ਸ਼ਰਮਾ) ਲੋਕ ਸਭਾ ਹਲਕਾ ਖ਼ਡੂਰ ਸਾਹਿਬ ਤੋਂ ਆਜ਼ਾਦ ਉਮੀਦਵਾਰ ਵਜੋਂ ਜਿੱਤ ਹਾਸਲ ਕਰਨ ਵਾਲੇ ਅੰਮ੍ਰਿਤਪਾਲ ਸਿੰਘ ਨਾਲ ਜੁੜੀ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ। ਸੂਤਰਾਂ ਮੁਤਾਬਕ ਅੰਮ੍ਰਿਤਪਾਲ ਸਿੰਘ 5 ਜੁਲਾਈ ਨੂੰ ਸੰਸਦ ਮੈਂਬਰ ਵਜੋਂ ਸਹੁੰ ਚੁੱਕਣ ਜਾ ਰਹੇ ਹਨ। ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ ਅੰਮ੍ਰਿਤਪਾਲ ਸਿੰਘ ਨੂੰ ਪੈਰੋਲ ਤੇ ਬਾਹਰ ਲਿਆਂਦਾ ਜਾ ਸਕਦਾ ਹੈ ਜਿਸ ਦੌਰਾਨ ਉਹ



ਆਪਣੇ ਅਹੁਦੇ ਦੀ ਸਹੁੰ ਚੁੱਕਣਗੇ ਜਿਸ ਨਾਲ ਉਨ੍ਹਾਂ ਦੇ ਸਮਰਥਕਾਂ ਤੇ ਪਰਿਵਾਰ ਦੇ ਮੈਂਬਰਾਂ ਵਿੱਚ ਖ਼ੁਸ਼ੀ ਦੀ ਲਹਿਰ ਹੈ

## ਕੰਗਨਾ ਨੂੰ ਥੱਪੜ ਮਾਰਨ ਦੀ ਸਜ਼ਾ ਪੰਜਾਬਣ ਦੀ ਬਦਲੀ ਬੇਂਗਲੂਰੂ ਕਰ

ਚੰਡੀਗੜ੍ਹ (ਲੋਕ ਬਾਣੀ) ਚੰਡੀਗੜ੍ਹ ਏਅਰਪੋਰਟ ਤੇ ਕੰਗਨਾ ਰਣੌਤ ਦੇ ਥੱਪੜ ਮਾਰਨ ਵਾਲੀ ਸੀ. ਆਈ. ਐੱਸ. ਐੱਫ. ਮੁਲਾਜ਼ਮ ਕੁਲਵਿੰਦਰ ਕੌਰ ਤੇ ਵੱਡੀ ਕਾਰਵਾਈ ਕਰਦਿਆਂ ਉਸ ਦਾ ਤਬਾਦਲਾ ਕਰ ਦਿੱਤਾ ਗਿਆ ਹੈ। ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ ਚੰਡੀਗੜ੍ਹ ਏਅਰਪੋਰਟ ਤੇ ਤਾਇਨਾਤ ਕੁਲਵਿੰਦਰ ਕੌਰ



ਦਾ ਤਬਾਦਲਾ ਹੁਣ ਬੇਂਗਲੂਰੂ ਵਿਚ ਕਰ ਦਿੱਤਾ ਗਿਆ ਹੈ।

ਹਰ ਰੋਜ਼ ਲੱਗ ਰਹੇ ਹਨ ਵੀਜ਼ਾ ਹੀ ਵੀਜ਼ਾ
ਕੈਨੇਡਾ
2155 ਵੀਜ਼ਾ
1 ਜਨਵਰੀ 2024 ਤੋਂ 30 ਮਾਰਚ 2024 ਤੱਕ ਲੱਗੇ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
easyvisa | 8194 828282

# ਐਨ.ਐਮ.ਐਮ.ਐਸ ਚ ਬੱਚਿਆਂ ਨੇ ਮੁਬਾਰਕਪੁਰ ਸਕੂਲ ਦਾ ਨਾਂ ਚਮਕਾਇਆ




ਮਲੇਰਕੋਟਲਾ,(ਲੋਕ ਬਾਣੀ) ਪਿਛਲੇ ਦਿਨੀਂ ਸਰਕਾਰੀ ਹਾਈ ਸਕੂਲ ਮੁਬਾਰਕਪਰ ਦੇ ਵਿਦਿਆਰਥੀਆਂ ਵੱਲੋਂ ਐਨ.ਐਮ.ਐਮ.ਐਸ ਦਾ ਇਮਤਿਹਾਨ ਦਿੱਤਾ ਗਿਆ ਸੀ । ਜਿਸ ਦਾ ਨਤੀਜਾ ਕੱਲ੍ਹ ਐਲਾਨਿਆ ਗਿਆ। ਇਸ ਨਤੀਜੇ ਵਿੱਚ ਸਕੂਲ ਦੀ ਵਿਦਿਆਰਥਣ ਸਿਮਰਨਜੀਤ ਕੌਰ ਨੇ (109 ਅੰਕ ਹਾਸਲ ਕਰਦਿਆਂ) ਪੂਰੇ ਜਿਲ੍ਹਾ ਚੋਂ ਦੂਜਾ ਸਥਾਨ ਹਾਸਲ ਕੀਤਾ ਜਦੋਂ ਕਿ ਸਾਨੀਆ ਨੇ (94 ਅੰਕ ਹਾਸਲ ਕਰਦਿਆਂ) ਦਸਵਾਂ, ਦਮਨਪ੍ਰੀਤ ਕੌਰ ਨੇ ( 88 ਅੰਕ ਹਾਸਲ ਕਰਦਿਆਂ) ਇੱਕੀਵਾਂ ਅਤੇ ਜਸ਼ਨਪ੍ਰੀਤ ਸਿੰਘ ਨੇ (83 ਅੰਕ ਹਾਸਲ ਕਰਦਿਆਂ) ਅਠਾਈਵਾਂ ਸਥਾਨ ਹਾਸਲ ਕੀਤਾ।

ਇਸ ਮੌਕੇ ਸ਼੍ਰੀਮਤੀ ਜਸਵਿੰਦਰ ਕੌਰ ਜਿਲ੍ਹਾ ਸਿਖਿਆ ਅਫਸਰ (ਸ) ਅਤੇ ਮੁਹੰਮਦ ਅਸਗ਼ਰ ਬਲਾਕ ਨੋਡਲ ਅਫਸਰ ਨੇ ਵਿਸ਼ੇਸ਼ ਤੌਰ ਤੇ ਆਪਣੇ ਵੱਲੋਂ ਵਿਦਿਆਰਥੀਆਂ ਨੂੰ ਮੁਬਾਰਕਬਾਦ ਤੇ ਢੇਰ ਸਾਰੀਆਂ ਵਧਾਈਆਂ ਦਿੱਤੀਆਂ।

ਜਦੋਂ ਕਿ ਉਕਤ ਵਿਦਿਆਰਥੀਆਂ ਦਾ ਅੱਜ ਹੈੱਡਮਿਸਟਰੈਸ ਸ੍ਰੀਮਤੀ ਸ਼ਮਸ਼ਾਦ ਅਤੇ ਸਕੂਲ ਦੇ ਸਮੂਹ ਸਟਾਫ ਵੱਲੋਂ ਸਰਕਾਰੀ ਹਾਈ ਸਕੂਲ ਮੁਬਾਰਕਪਰ ਵਿਖੇ ਸਵੇਰ ਦੀ ਸਭਾ ਦੌਰਾਨ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਹੈੱਡਮਿਸਟਰੈਸ ਸ਼੍ਰੀਮਤੀ ਸ਼ਮਸ਼ਾਦ ਸਾਹਿਬਾ ਨੇ ਆਪਣੇ ਸੰਬੋਧਨ ਦੌਰਾਨ ਸਕੂਲ ਦੇ ਹੋਰਨਾਂ ਵਿਦਿਆਰਥੀਆਂ ਨੂੰ ਉਕਤ ਸਨਮਾਨਿਤ ਵਿਦਿਆਰਥੀਆਂ ਤੋਂ ਸੇਧ ਹਾਸਲ ਕਰਨ ਲਈ ਵਿਸ਼ੇਸ਼ ਤੌਰ ਤੇ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਇਸ ਮੌਕੇ ਐੱਸ ਐਮ ਸੀ ਕਮੇਟੀ ਦੇ ਚੇਅਰਮੈਨ ਸ. ਬਾਰੂ ਸਿੰਘ ਨੇ ਸਕੂਲ ਦੇ ਉਕਤ ਵਿਦਿਆਰਥੀਆਂ ਅਤੇ ਸਮੁੱਚੇ ਸਕੂਲ ਸਟਾਫ ਨੂੰ ਉਨ੍ਹਾਂ ਦੀ ਮਿਹਨਤ ਦੇ ਫਲ ਲੱਗਣ ਤੇ ਵਧਾਈ ਦਿੱਤੀ।

ਇੱਥੇ ਜਿਕਰਯੋਗ ਹੈ ਕਿ ਉਕਤ ਵਿਦਿਆਰਥੀਆਂ ਨੂੰ ਅਗਲੇ ਚਾਰ ਸਾਲਾਂ ਤੱਕ ਪ੍ਰਤੀ ਸਾਲ 12000 ਰੁਪਏ (ਬਾਰਾਂ ਹਜਾਰ) ਸਾਲਾਨਾ ਵਜੀਫਾ ਮਿਲੇਗਾ ।

ਇਸ ਮੌਕੇ ਸਕੂਲ ਸਟਾਫ ਚ ਹੋਰਨਾਂ ਤੋਂ ਇਲਾਵਾ ਹਰਪ੍ਰੀਤ ਸਿੰਘ, ਜਸਵਿੰਦਰ ਸਿੰਘ ( ਨੋਡਲ ਐਨ ਐਮ ਐਮ ਐਸ) , ਅਮਰੀਕ ਸਿੰਘ ( ਐਨ ਐਮ ਐਮ ਐਸ ਕੋ-ਇੰਚਾਰਜ )ਖਾਲਿਦ ਪ੍ਰਵੇਜ਼, ਮੈਡਮ ਅਮਨਦੀਪ ਸ਼ਰਮਾ, ਮੈਡਮ ਸ਼ਹਿਨੀਲਾ, ਮੈਡਮ ਅਮਨਦੀਪ ਕੌਰ, ਪਰਮਜੀਤ ਕੌਰ, ਹਰਪ੍ਰੀਤ ਸਿੰਘ, ਬਸ਼ੀਰ ਮੁਹੰਮਦ, ਕੁਲਦੀਪ ਸਿੰਘ ਅਤੇ ਮੁਹੰਮਦ ਅੱਬਾਸ ਧਾਲੀਵਾਲ ਆਦਿ ਸਮੇਤ ਐੱਸ ਐਮ ਸੀ ਕਮੇਟੀ ਦੇ ਮੈਂਬਰਾਂ ਚੋਂ ਦਲਜੀਤ ਕੌਰ, ਮਨਦੀਪ ਕੌਰ ਆਦਿ ਵੀ ਹਾਜ਼ਰ ਸਨ । ।

# ਆਈ.ਐਮ.ਏ.ਫਗਵਾੜਾ ਵਲੋਂ ਮਨਾਇਆ ਡਾਕਟਰਜ਼ ਡੇ ਬਲੱਡ ਸੈਂਟਰ 'ਚ 25 ਯੂਨਿਟ ਖ਼ੂਨ ਦਾਨ ਕੀਤਾ




ਫਗਵਾੜਾ, (ਲੋਕ ਬਾਣੀ)- ਆਈ.ਐਮ.ਏ. ਵਲੋਂ ਫਗਵਾੜਾ ਵਿਖੇ ਨੈਸ਼ਨਲ ਡਾਕਟਰਜ਼ ਡੇ ਮਨਾਉਂਦਿਆਂ ਗੁਰੂ ਹਰਿਗੋਬਿੰਦ ਨਗਰ ਦੇ ਬਲੱਡ ਡੋਨਰਜ਼ ਕੌਂਸਲ (ਰਜਿ:) ਬਲੱਡ ਸੈਂਟਰ ਵਿਖੇ 25 ਯੂਨਿਟ ਖ਼ੂਨ ਦਾਨ ਕੀਤਾ ਗਿਆ। ਇਸ ਸਮੇਂ ਬੋਲਦਿਆਂ ਪ੍ਰਧਾਨ ਆਈ.ਐਮ.ਏ. ਡਾ: ਜਸਜੀਤ ਸਿੰਘ ਵਿਰਕ ਨੇ ਕਿਹਾ ਕਿ ਡਾਕਟਰੀ ਦਾ ਕਿੱਤਾ ਅਤਿਅੰਤ ਪਵਿੱਤਰ ਹੈ ਅਤੇ ਡਾਕਟਰ ਆਪਣੀ ਜਾਨ ਜ਼ੋਖਮ ਵਿੱਚ ਪਾ ਕੇ ਵੀ ਮਨੁੱਖਤਾ ਦੀ ਸੇਵਾ ਲਈ ਸਦਾ ਤਤਪਰ ਰਹਿੰਦੇ ਹਨ। ਆਈ.ਐਮ.ਏ. ਫਗਵਾੜਾ ਯੂਨਿਟ ਵਲੋਂ ਖ਼ੂਨ ਦਾਨ ਕੈਂਪ ਦੇ ਮੌਕੇ 'ਤੇ ਡਾ: ਤੁਸ਼ਾਰ ਅਗਰਵਾਲ, ਡਾ: ਅਮਰੀਕ ਸਿੰਘ ਪਰਹਾਰ, ਡਾ: ਐਸ.ਪੀ.ਐਸ. ਸੂਚ, ਡਾ: ਮੋਹਨ ਸਿੰਘ, ਡਾ: ਵਿਜੈ ਸ਼ਰਮਾ, ਡਾ: ਰਜੀਵ ਗੁਪਤਾ, ਡਾ: ਖੁਸ਼ਮਨ, ਸਨੀ ਵੜਿੰਗ, ਪ੍ਰਿੰਸੀਪਲ ਗੁਰਮੀਤ ਸਿੰਘ ਪਲਾਹੀ ਸਮੇਤ ਵੱਡੀ ਗਿਣਤੀ 'ਚ ਖ਼ੂਨਦਾਨੀ ਹਾਜ਼ਰ ਸਨ। ਡਾਕਟਰਜ਼ ਡੇ ਮੌਕੇ 'ਤੇ ਕੇਕ ਕੱਟਿਆ ਗਿਆ। ਬਲੱਡ ਸੈਂਟਰ ਸਟਾਫ ਨੇ ਵੀ ਡਾਕਟਰ ਸਾਹਿਬਾਨ ਨੂੰ ਡਾਕਟਰਜ਼ ਡੇ 'ਤੇ ਵਧਾਈ ਦਿੱਤੀ।

# ਹੁਣ ਤੱਕ 134 ਤੋਂ ਵੱਧ ਲੋਕਾਂ ਦੇ ਮਾ/ਰੇ ਜਾਣ ਦਾ ਖ਼ਦਸ਼ਾ




ਉੱਤਰ ਪ੍ਰਦੇਸ਼ (ਲੋਕ ਬਾਣੀ) ਉੱਤਰ ਪ੍ਰਦੇਸ਼ ਦੇ ਹਾਥਰਸ ਵਿੱਚ ਇੱਕ ਵੱਡਾ ਹਾਦਸਾ ਵਾਪਰ ਗਿਆ ਹੈ। ਮੰਗਲਵਾਰ ਨੂੰ ਭੋਲੇ ਬਾਬਾ ਦੇ ਸਤਿਸੰਗ ਦੇ ਸਮਾਪਤੀ ਸਮਾਰੋਹ 'ਚ ਭਗਦੜ ਮਚ ਗਈ। ਇਸ ਘਟਨਾ ਵਿੱਚ ਹੁਣ ਤੱਕ 134 ਤੋਂ ਵੱਧ ਲੋਕਾਂ ਦੇ ਮਾ-ਰੇ ਜਾਣ ਦਾ ਖ਼ਦਸ਼ਾ ਹੈ। ਦਰਜਨਾਂ ਲੋਕ ਜ਼ਖਮੀ ਹੋਏ ਹਨ ਅਤੇ ਹਸਪਤਾਲ 'ਚ ਇਲਾਜ ਅਧੀਨ ਹਨ। ਭਗਦੜ ਵਿੱਚ ਮਰਨ ਵਾਲੀਆਂ ਔਰਤਾਂ ਅਤੇ ਬੱਚਿਆਂ ਦੀ ਗਿਣਤੀ ਸਭ ਤੋਂ ਵੱਧ ਹੈ।

ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਮੰਤਰੀ ਲਕਸ਼ਮੀ ਨਰਾਇਣ, ਮੰਤਰੀ ਸੰਦੀਪ ਸਿੰਘ, ਮੁੱਖ ਸਕੱਤਰ ਅਤੇ ਡੀਜੀਪੀ ਨੂੰ ਮੌਕੇ 'ਤੇ ਪੁੱਜਣ ਦੇ ਨਿਰਦੇਸ਼ ਦਿੱਤੇ ਹਨ ਅਤੇ ਜਾਂਚ ਦੇ ਹੁਕਮ ਜਾਰੀ ਕੀਤੇ ਹਨ। ਏਡੀਜੀ ਆਗਰਾ ਅਤੇ ਅਲੀਗੜ੍ਹ ਦੇ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਇੱਕ ਜਾਂਚ ਟੀਮ ਬਣਾਈ ਗਈ ਹੈ। ਇਸ ਤੋਂ ਇਲਾਵਾ ਮੁੱਖ ਮੰਤਰੀ ਨੇ ਮ੍ਰਿਤਕਾਂ ਨੂੰ 2-2 ਲੱਖ ਰੁਪਏ ਅਤੇ ਜ਼ਖਮੀਆਂ ਨੂੰ 50-50 ਹਜ਼ਾਰ ਰੁਪਏ ਮੁਆਵਜ਼ਾ ਦੇਣ ਦਾ ਐਲਾਨ ਵੀ ਕੀਤਾ ਹੈ। ਇਸ ਦੇ ਨਾਲ ਹੀ ਸਮਾਗਮ ਦੇ ਪ੍ਰਬੰਧਕਾਂ ਖ਼ਿਲਾਫ਼ ਵੀ ਐਫਆਈਆਰ ਦਰਜ ਕੀਤੀ ਜਾਵੇਗੀ।

ਸੂਤਰਾਂ ਮੁਤਾਬਕ ਪੁਲਸ ਟੀਮਾਂ ਅਤੇ ਪ੍ਰਸ਼ਾਸਨ ਦੇ ਅਧਿਕਾਰੀ ਰਾਹਤ ਅਤੇ ਬਚਾਅ ਕਾਰਜਾਂ 'ਚ ਲੱਗੇ ਹੋਏ ਹਨ। ਜ਼ਖਮੀ ਔਰਤਾਂ, ਬੱਚਿਆਂ ਅਤੇ ਮਰਦਾਂ ਨੂੰ ਬੇਹੋਸ਼ੀ ਦੀ ਹਾਲਤ 'ਚ ਏਟਾ, ਅਲੀਗੜ੍ਹ, ਸਿਕੰਦਰਰਾਊ ਹਸਪਤਾਲ ਲਿਜਾਇਆ ਗਿਆ ਹੈ। ਸੂਤਰਾਂ ਅਨੁਸਾਰ ਪੰਡਾਲ ਵਿੱਚ ਅੱਤ ਦੀ ਗਰਮੀ ਅਤੇ ਹੁੰਮਸ ਕਾਰਨ ਭਗਦੜ ਮੱਚ ਗਈ। ਪੁਲਸ ਪ੍ਰਸ਼ਾਸਨ ਅਤੇ ਐਂਬੂਲੈਂਸ ਦੇਰ ਨਾਲ ਮੌਕੇ 'ਤੇ ਪਹੁੰਚੀ।

ਹਾਲਾਂਕਿ ਲਖਨਊ ਦੇ ਕਿਸੇ ਵੱਡੇ ਜ਼ਿੰਮੇਵਾਰ ਅਧਿਕਾਰੀ ਨੇ ਅਜੇ ਤੱਕ ਕੋਈ ਅਪਡੇਟ ਨਹੀਂ ਦਿੱਤੀ ਹੈ ਪਰ ਸੀਐਮਓ ਨੇ ਕਿਹਾ ਹੈ ਕਿ 27 ਲੋਕਾਂ ਦੀਆਂ ਲਾ-ਸ਼ਾਂ ਹਸਪਤਾਲ ਪਹੁੰਚ ਗਈਆਂ ਹਨ। ਜ਼ਖਮੀਆਂ ਦਾ ਇਲਾਜ ਚੱਲ ਰਿਹਾ ਹੈ। ਪੂਰੇ ਪਿੰਡ ਨੂੰ ਛਾਉਣੀ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਸਤਿਸੰਗ ਪੰਡਾਲ 'ਚ ਵੀ ਸਥਿਤੀ ਸਪੱਸ਼ਟ ਨਹੀਂ ਹੈ। ਲਾ-ਸ਼ਾਂ ਨੂੰ ਟੈਂਪੂ ਅਤੇ ਹੋਰ ਵਾਹਨਾਂ ਰਾਹੀਂ ਮੁਰਦਾਘਰ ਪਹੁੰਚਾਇਆ ਜਾ ਰਿਹਾ ਹੈ। ਮੌਕੇ 'ਤੇ ਸਾਧਨਾਂ ਦੀ ਘਾਟ ਹੈ।

## ਸੀਐਮ ਯੋਗੀ ਨੇ ਹਾਦਸੇ 'ਤੇ ਦੁੱਖ ਪ੍ਰਗਟ ਕੀਤਾ

ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਮ੍ਰਿਤਕਾਂ ਦੇ ਦੁਖੀ ਪਰਿਵਾਰਾਂ ਨਾਲ ਹਮਦਰਦੀ ਪ੍ਰਗਟਾਈ ਹੈ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਤੁਰੰਤ ਮੌਕੇ 'ਤੇ ਪੁੱਜ ਕੇ ਰਾਹਤ ਕਾਰਜਾਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਜ਼ਖਮੀਆਂ ਦੇ ਢੁੱਕਵੇਂ ਇਲਾਜ ਲਈ ਹਦਾਇਤਾਂ ਦਿੱਤੀਆਂ। ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਵੀ ਕਾਮਨਾ ਕੀਤੀ। ਇਸ ਦੇ ਨਾਲ ਹੀ ਪ੍ਰਬੰਧਕੀ ਕਮੇਟੀ ਅਤੇ ਸਥਾਨਕ ਪ੍ਰਸ਼ਾਸਨ ਨੂੰ ਵੀ ਕਾਰਵਾਈ ਲਈ ਤਿਆਰ ਰਹਿਣ ਲਈ ਕਿਹਾ ਗਿਆ। ਦੱਸ ਦਈਏ ਕਿ ਮੁੱਖ ਮੰਤਰੀ ਦਫਤਰ ਤੋਂ ਪੂਰੀ ਘਟਨਾ ਦੀ ਰਿਪੋਰਟ ਤਲਬ ਕੀਤੀ ਗਈ ਹੈ। ਮੁੱਖ ਮੰਤਰੀ ਨੇ ਹੁਕਮ ਦਿੱਤੇ ਹਨ ਕਿ ਭਗਦੜ ਲਈ ਜ਼ਿੰਮੇਵਾਰ ਲੋਕਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਣਾ ਚਾਹੀਦਾ।

ਉਨ੍ਹਾਂ ਨੇ ਐਕਸ (ਪਹਿਲਾਂ ਟਵਿੱਟਰ) 'ਤੇ ਇਕ ਪੋਸਟ 'ਚ ਲਿਖਿਆ ਕਿ ਹਾਥਰਸ ਜ਼ਿਲੇ 'ਚ ਹੋਏ ਮੰਦਭਾਗੇ ਹਾਦਸੇ 'ਚ ਜਾਨੀ ਨੁਕਸਾਨ ਬੇਹੱਦ ਦੁਖਦ ਅਤੇ ਦਿਲ ਕੰਬਾਊ ਹੈ। ਮੇਰੀ ਸੰਵੇਦਨਾ ਦੁਖੀ ਪਰਿਵਾਰ ਨਾਲ ਹੈ। ਸਬੰਧਤ ਅਧਿਕਾਰੀਆਂ ਨੂੰ ਰਾਹਤ ਅਤੇ ਬਚਾਅ ਕਾਰਜ ਜੰਗੀ ਪੱਧਰ 'ਤੇ ਕਰਨ ਅਤੇ ਜ਼ਖ਼ਮੀਆਂ ਦਾ ਢੁੱਕਵਾਂ ਇਲਾਜ ਕਰਨ ਦੀਆਂ ਹਦਾਇਤਾਂ ਦਿੱਤੀਆਂ ਗਈਆਂ ਹਨ। ਏ.ਡੀ.ਜੀ., ਆਗਰਾ ਅਤੇ ਕਮਿਸ਼ਨਰ, ਅਲੀਗੜ੍ਹ ਦੀ ਅਗਵਾਈ ਵਿੱਚ ਇੱਕ ਟੀਮ ਦਾ ਗਠਨ ਕੀਤਾ ਗਿਆ ਹੈ ਅਤੇ ਹਾਦਸੇ ਦੇ ਕਾਰਨਾਂ ਦੀ ਜਾਂਚ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ ਹਨ। ਭਗਵਾਨ ਸ਼੍ਰੀ ਰਾਮ ਅੱਗੇ ਅਰਦਾਸ ਹੈ ਕਿ ਉਹ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਜ਼ਖਮੀਆਂ ਦੇ ਜਲਦੀ ਸਿਹਤਯਾਬ ਹੋਣ।

## ਮੱਲਿਕਾਰਜੁਨ ਖੜਗੇ ਨੇ ਸੋਗ ਪ੍ਰਗਟ ਕੀਤਾ

ਇਸ ਘਟਨਾ 'ਤੇ ਕਾਂਗਰਸ ਦੇ ਰਾਸ਼ਟਰੀ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਵੀ ਪ੍ਰਤੀਕਿਰਿਆ ਦਿੱਤੀ ਹੈ। ਖੜਗੇ ਨੇ ਕਿਹਾ ਕਿ ਸ਼ਰਧਾਲੂਆਂ ਦੀ ਮੌਤ ਦੀ ਖਬਰ ਬੇਹੱਦ ਦੁਖਦਾਈ ਹੈ। ਹਾਦਸੇ ਦੇ ਦ੍ਰਿਸ਼ ਬੇਹੱਦ ਦਿਲ ਕੰਬਾਊ ਹਨ। ਅਸੀਂ ਦੁਖੀ ਪਰਿਵਾਰਾਂ ਪ੍ਰਤੀ ਆਪਣੀ ਡੂੰਘੀ ਸੰਵੇਦਨਾ ਪ੍ਰਗਟ ਕਰਦੇ ਹਾਂ। ਕਾਂਗਰਸ ਪ੍ਰਧਾਨ ਨੇ ਅੱਗੇ ਕਿਹਾ ਕਿ ਅਸੀਂ ਸਰਕਾਰ ਅਤੇ ਪ੍ਰਸ਼ਾਸਨ ਨੂੰ ਅਪੀਲ ਕਰਦੇ ਹਾਂ ਕਿ ਜ਼ਖਮੀਆਂ ਦੇ ਇਲਾਜ ਵਿਚ ਕੋਈ ਕਸਰ ਬਾਕੀ ਨਾ ਛੱਡੀ ਜਾਵੇ। ਪੀੜਤਾਂ ਨੂੰ ਤੁਰੰਤ ਮੁਆਵਜ਼ਾ ਦਿੱਤਾ ਜਾਵੇ। ਖੜਗੇ ਨੇ ਵਿਰੋਧੀ ਪਾਰਟੀਆਂ ਦੇ ਵਰਕਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਹਾਦਸੇ ਦੇ ਪੀੜਤਾਂ ਦੀ ਹਰ ਸੰਭਵ ਮਦਦ ਕਰਨ ਵਿੱਚ ਕੋਈ ਕਸਰ ਬਾਕੀ ਨਾ ਛੱਡਣ।

# ਬਲਾਕ ਕਲਾਨੌਰ ਦੇ ਸੇਖਵਾਂ ਫਾਰਮ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ 5 ਜੁਲਾਈ ਨੂੰ



ਗੁਰਦਾਸਪੁਰ-ਨਵਨੀਤ ਕੁਮਾਰ - ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਆਤਮਾ ਸਕੀਮ ਅਧੀਨ ਮਿਤੀ 5 ਜੁਲਾਈ 2024 ਨੂੰ ਬਲਾਕ ਕਲਾਨੌਰ ਦੇ ਸੇਖਵਾਂ ਫਾਰਮ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਅਤੇ ਆਤਮਾ ਸਕੀਮ ਅਧੀਨ ਵੱਖ-ਵੱਖ ਪ੍ਰਦਰਸ਼ਨੀਆਂ ਲਗਾਈਆਂ ਜਾ ਰਹੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ ਡਾ. ਸੁਰਿੰਦਰਪਾਲ ਸਿੰਘ ਨੇ ਦੱਸਿਆ ਕਿ ਇਸ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਵਿੱਚ ਖੇਤੀਬਾੜੀ ਦੇ ਮਾਹਿਰਾਂ ਵੱਲੋਂ ਕਿਸਾਨਾਂ ਨੂੰ ਸਾਉਣੀ ਦੀਆਂ ਫ਼ਸਲਾਂ ਦੀ ਸਾਂਭ-ਸੰਭਾਲ ਬਾਰੇ ਤਕਨੀਕੀ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ 5 ਜੁਲਾਈ ਨੂੰ ਸਵੇਰੇ 10:00 ਵਜੇ ਸੇਖਵਾਂ ਫਾਰਮ, ਬਲਾਕ ਕਲਾਨੌਰ ਵਿਖੇ ਪਹੁੰਚ ਕੇ ਇਸ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਵਿੱਚ ਭਾਗ ਲੈਣ ਅਤੇ ਖੇਤੀ ਦੀਆਂ ਤਕਨੀਕਾਂ ਤੋਂ ਜਾਣੂ ਹੋਣ।

# ਇੰਟਰਨੈਸ਼ਨਲ ਹਿਊਮਨ ਰਾਇਟਸ ਪੁਲਿਸ ਪਬਲਿਕ ਪ੍ਰੈਸ ਦੀ ਅੱਜ ਮੀਟਿੰਗ ਅਲੂਪੁਰ ਤਹਿਸੀਲ ਸਰਦੂਲਗੜ ਵਿਚ ਹੋਈ

ਮਾਨਸਾ, (ਮਨੋਜ) ਜਿਸ ਵਿਚ ਸੰਸਥਾ ਦੇ ਨੈਸ਼ਨਲ ਚੈਅਰਮੈਨ ਸ਼੍ਰੀ ਪ੍ਰਵੀਨ ਕੋਮਲ ਜੀ ਸ਼੍ਰੀ ਮਤੀ ਗੁਰਮੀਤ ਕੌਰ ਜ਼ੋਨਲ ਪ੍ਰੈਜ਼ੀਡੈਂਟ ਪਟਿਆਲਾ ਰਾਕੇਸ਼ ਕੁਮਾਰ ਜ਼ਿਲ੍ਹਾ ਪ੍ਰੈਜ਼ੀਡੈਂਟ ਪਟਿਆਲਾ
ਸਟੇਟ ਪ੍ਰੈਜ਼ੀਡੈਂਟ ਸ਼੍ਰੀ ਰਾਜ ਕੁਮਾਰ ਜਿੰਦਲ ਰੇਖਾ ਅਰੋੜਾ ਜ਼ਿਲ੍ਹਾ ਪ੍ਰਧਾਨ ਮਾਨਸਾ
ਲਖਵਿੰਦਰ ਸਿੰਘ ਕੌੜੀ ਵਾਲਾ ਸਟੇਟ ਪ੍ਰੈਜ਼ੀਡੈਂਟ ਜ਼ੋਨ 1 , ਸੋਮਨਾਥ ਜਿਲ੍ਹਾ ਪ੍ਰੈਜ਼ੀਡੈਂਟ ਮਾਨਸਾ ਵਿਨੋਦ ਕੁਮਾਰ ਐਗਜੈਕਟਿਵ ਮੈਂਬਰ ਸ਼ਾਮਿਲ ਹੋਏ ।ਇਸ ਮੀਟਿੰਗ ਦੇ ਵਿੱਚ ਹਿਊਮਨ ਰਾਈਟਸ ਆਰਗਨਾਈਜੇਸ਼ਨ ਦੇ ਅਧਿਕਾਰੀਆਂ ਨੂੰ ਸੰਬੋਧਨ ਕਰਦੇ ਹੋਏ ਚੇਅਰਮੈਨ ਪ੍ਰਵੀਨ ਕੋਮਲ ਨੇ ਕਿਹਾ ਕਿ ਮੀਡੀਆ ਅਤੇ ਆਰਟੀਆਈ ਦੀ ਮਦਦ ਦੇ ਨਾਲ ਸਰਕਾਰੀ ਵਿਭਾਗਾਂ ਨੂੰ ਲੋਕਾਂ ਦੇ ਭਲੇ ਲਈ ਦਿੱਤੀਆਂ ਜਾਣ ਵਾਲੀਆਂ ਗਰਾਂਟਾਂ ਬਾਰੇ ਨਜ਼ਰਸਾਨੀ ਕਰਦੇ ਹੋਏ, ਲੋਕਾਂ ਵਿੱਚ ਜਾਗਰੂਕਤਾ ਮੁਹਿਮ ਸ਼ੁਰੂ ਕੀਤੀ ਜਾਵੇ ਤਾਂ ਜੋ ਆਮ ਆਦਮੀ ਨੂੰ ਉਸ ਦੇ ਅਧਿਕਾਰ ਬਾਰੇ ਚੰਗੀ ਤਰ੍ਹਾਂ ਪਤਾ ਲੱਗ ਸਕੇ। ਸ੍ਰੀ ਪ੍ਰਵੀਨ ਕੋਮਲ ਨੇ ਹਿਊਮਨ ਰਾਇਟਸ ਦੇ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਆਮ ਲੋਕਾਂ ਨਾਲ ਤਾਲਮੇਲ ਰੱਖਦੇ ਹੋਏ ਉਹਨਾਂ ਨੂੰ ਆ ਰਹੀਆਂ ਔਂਕੜਾਂ ਦਾ ਹੱਲ ਕਰਨ ਵਿੱਚ ਸਹਾਇਤਾ ਕਰਨ। ਸ਼੍ਰੀ ਪ੍ਰਵੀਨ ਕੋਮਲ ਨੇ ਇਸ ਮੌਕੇ ਸਰਕਾਰ ਤੋਂ ਮੰਗ ਕੀਤੀ ਕਿ ਫੀਲਡ ਵਿੱਚ ਕੰਮ ਕਰਦੇ ਮੀਡੀਆ ਕਰਮਚਾਰੀਆਂ ਦੀ ਆਰਥਿਕ ਹਾਲਤ ਮਜਬੂਤ ਕਰਨ ਵੱਲ ਵੀ ਵਿਸ਼ੇਸ਼ ਉਪਰਾਲਾ ਕੀਤਾ ਜਾਵੇ ਅਤੇ ਮੀਡੀਆ ਕਰਮਚਾਰੀਆਂ ਨੂੰ ਕਿਸਾਨ ਪੈਟਰਨ ਉੱਤੇ ਬਿਜਲੀ ਫਰੀ ਮੁਹਈਆ ਕਰਵਾਈ ਜਾਵੇ। ਇਸ ਮੌਕੇ ਸ਼੍ਰੀ ਪ੍ਰਵੀਨ



ਕੋਮਲ ਨੇ ਆਈ ਐਚ ਆਰ ਓ ਦੇ ਸਬ ਡਿਵੀਜ਼ਨ ਸਰਦੂਲਗੜ੍ਹ ਦੇ ਦਫਤਰ ਦਾ ਉਦਘਾਟਨ ਕੀਤਾ ਅਤੇ ਸਰਦੂਲ ਗੜ੍ਹ ਸਬ ਡਿਵੀਜ਼ਨ ਦੀ ਪ੍ਰੈਸੀਡੈਂਟ ਸ੍ਰੀਮਤੀ ਮੁਸਕਾਨ ਜੈਨ ਅਤੇ ਜਿਲਾ ਪ੍ਰਧਾਨ ਸ਼੍ਰੀ ਮਤੀ ਰੇਖਾ ਅਰੋੜਾ ਨੇ ਅੰਤਰਰਾਸ਼ਟਰੀ ਚੈਅਰਮੈਨ ਦਾ ਸਵਾਗਤ ਕੀਤਾ ਅਤੇ ਉਹਨਾਂ ਨੂੰ ਯਕੀਨ ਦਵਾਇਆ ਕਿ ਜਿਲਾ ਮਾਨਸਾ ਦੀ ਪੂਰੀ ਟੀਮ ਵੱਲੋਂ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਪੁਰਜੋਰ ਯਤਨ ਕੀਤੇ ਜਾਣਗੇ। ਇਸ ਮੌਕੇ ਅਲੂਪੁਰ ਤੋਂ ਡਾਕਟਰ ਬਲਦੇਵ ਸਿੰਘ ਪ੍ਰੈਜ਼ੀਡੈਂਟ ਮੈਡੀਕਲ ਵਿੰਗ ਸਰਦੂਲਗੜ੍ਹ ਰਜਿੰਦਰ ਕੁਮਾਰ ਚਰਖੀ ਦਾਦਰੀ ਚਨਦਰੇਸ਼ ਕੁਮਾਰ ਦਰਸ਼ਨ ਜੈਨ
ਗੁਰਚਰਨ ਸਿੰਘ ਬਬੀਤਾ ਜੈਨ ਰਾਜਕੁਮਾਰ ਰਜਨੀ ਜੈਨ ਸਿਰਸਾ ਆਦਿ ਹਾਜਰ ਸਨ

# ਡਾ. ਗੁਰਪ੍ਰੀਤ ਮਾਨ ਵੱਲੋਂ ਜਲੰਧਰ ਜਿਮਨੀ ਚੋਣ ਮੌਕੇ ਚੋਣ ਪ੍ਰਚਾਰ ਜੋਰਾਂ ਤੇ




ਧੂਰੀ (ਲੋਕ ਬਾਣੀ) ਜਲੰਧਰ ਦੇ ਵੈਸਟ ਵਿਧਾਨ ਸਭਾ ਹਲਕੇ ਵਿੱਚ ਜਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਮਹਿੰਦਰ ਭਗਤ ਦੇ ਹੱਕ ਵਿੱਚ ਡਾ. ਗੁਰਪ੍ਰੀਤ ਕੌਰ ਮਾਨ ਧਰਮ ਪਤਨੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚੋਣ ਪ੍ਰਚਾਰ ਪੂਰੇ ਜੋਰਾਂ ਸ਼ੋਰਾਂ ਨਾਲ ਕੀਤਾ ਜਾ ਰਿਹਾ ਹੈ। ਇਸ ਮੌਕੇ ਵੈਸਟ ਵਿਧਾਨ ਸਭਾ ਹਲਕੇ ਵਿੱਚ ਚੋਣ ਪ੍ਰਚਾਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਧਰਮ ਪਤਨੀ ਡਾ. ਗੁਰਪ੍ਰੀਤ ਕੌਰ ਨੇ ਆਪ ਉਮੀਦਵਾਰ ਮਹਿੰਦਰ ਭਗਤ ਦੇ ਹੱਕ ਵਿੱਚ ਵੋਟਾਂ ਪਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਵੱਲੋਂ ਲਏ ਜਾ ਰਹੇ ਲੋਕ ਪੱਖੀ ਫੈਸਲਿਆਂ ਤੋਂ ਵੈਸਟ ਵਿਧਾਨ ਸਭਾ ਹਲਕੇ ਦੇ ਲੋਕ ਖੁਸ਼ ਹੋ ਕੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਭਾਰੀ ਜੇਤੂ ਫਤਵਾ ਦੇਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੋਕ ਪੱਖੀ ਸਕੀਮਾਂ ਚਲਾ ਕੇ ਪੰਜਾਬ ਦੇ ਲੋਕਾਂ ਨੂੰ ਘਰ ਬੈਠੇ ਹੀ ਇਨ੍ਹਾਂ ਸਕੀਮਾਂ ਦਾ ਲਾਭ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਮਾਨ ਸਰਕਾਰ ਵੱਲੋਂ ਪੰਜਾਬ ਦੇ ਹੱਕ ਵਿੱਚ ਹੋਰ ਵੀ ਇਤਿਹਾਸਿਕ ਫੈਸਲੇ ਲਏ ਜਾਣਗੇ। ਉਨ੍ਹਾਂ ਕਿਹਾ ਕਿ ਵੈਸਟ ਵਿਧਾਨ ਸਭਾ ਹਲਕੇ ਦੇ ਲੋਕ ਵਿਰੋਧੀ ਉਮੀਦਵਾਰਾਂ ਨੂੰ ਕਰਾਰੀ ਹਾਰ ਦੇ ਕੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਰਿਕਾਰਡ ਤੋੜ ਵੋਟਾਂ ਪਾ ਕੇ ਜੇਤੂ ਫਤਵਾ ਦੇਣਗੇ। ਇਸ ਮੌਕੇ ਪ੍ਰੋ. ਓਂਕਾਰ ਸਿੰਘ ਸਿੱਧੂ ਓ.ਐਸ.ਡੀ. ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਅੰਮ੍ਰਿਤ ਬਰਾੜ ਇੰਚਾਰਜ ਮੁੱਖ ਮੰਤਰੀ ਕੈਂਪਸ ਅਤੇ ਆਮ ਆਦਮੀ ਪਾਰਟੀ ਦੇ ਆਗੂ ਅਤੇ ਵਰਕਰ ਵੱਡੀ ਗਿਣਤੀ ਵਿੱਚ ਹਾਜਰ ਸਨ।

# ਬਾਲ ਭੀਖਿਆ ਕਰਾਉਣੀ ਕਾਨੂੰਨੀ ਜੁਰਮ ਹੈ :- ਰਜਿਦਰ ਵਰਮਾ

ਮਾਨਸਾ, :(ਮਨੋਜ)
ਚੇਅਰਪਰਸਨ ਨੈਸ਼ਨਲ ਕਮਿਸ਼ਨਰ ਫਾਰ ਪ੍ਰੋਟੈਕਸ਼ਨ ਆਫ ਚਾਈਲਡ ਰਾਈਟਸ ਵੱਲੋਂ ਪ੍ਰਾਪਤ ਹਦਾਇਤਾਂ 'ਤੇ ਡਾਇਰੈਕਟਰ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਦੇ ਬਾਲ ਸੁਰੱਖਿਆ ਅਫਸਰ ਮੈਡਮ ਨਤੀਸ਼ਾ ਅੱਤਰੀ ਦੇ ਹੁਕਮਾਂ ਤਹਿਤ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਮਾਨਸਾ ਵੱਲੋਂ ਰਜਿੰਦਰ ਕੁਮਾਰ ਕਾਊਂਸਲਰ ਵੱਲੋਂ ਪੁਲਿਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਬੁਢਲਾਡਾ ਦੀਆਂ ਵੱਖ ਵੱਖ ਜਨਤਕ ਥਾਵਾਂ 'ਤੇ ਬਾਲ ਭੀਖਿਆ ਕਰਦੇ ਬੱਚਿਆਂ ਦੀ ਸ਼ਨਾਖਤ ਲਈ ਚੈਕਿੰਗ ਕੀਤੀ ਗਈ। ਇਸ ਮੌਕੇ ਰਜਿੰਦਰ ਕੁਮਾਰ ਕਾਊਂਸਲਰ ਵੱਲੋਂ ਜਨਤਕ ਥਾਵਾਂ 'ਤੇ ਲੋਕਾਂ ਨੂੰ ਸੰਬੋਧਨ ਕਰਦਿਆਂ ਬੱਚਿਆਂ ਨਾਲ ਸਬੰਧਤ ਮਿਲਣ ਵਾਲੀਆਂ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਾਲ ਸੁਰੱਖਿਆ ਵਿਭਾਗ ਵੱਲੋਂ ਮਿਲਣ ਵਾਲੀਆਂ ਸਹੂਲਤਾਂ ਤੋਂ ਜਾਣੂ ਕਰਵਾਉਣਾ ਲਾਜ਼ਮੀ ਹੈ ਤਾਂ ਜੋ ਕਿਸੇ ਲੋੜਵੰਦ ਬੱਚੇ ਦੀ ਮਦਦ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਭੀਖਿਆ ਕਰਦੇ ਬੱਚੇ, ਬਾਲ ਗੁੰਮ ਹੋਏ ਬੱਚੇ, ਬਾਰੇ ਜਾਂ ਲਾਵਾਰਿਸ ਬੱਚੇ ਦੇ ਮਿਲਣ 'ਤੇ ਸੂਚਨਾ ਬਾਲ ਭਲਾਈ ਕਮੇਟੀ ਅਤੇ ਸੰਬਧਿਤ ਥਾਣੇ ਨੂੰ ਸੂਚਨਾ ਦਿਉ ਉਨ੍ਹਾਂ ਜਿਨਸੀ ਐਕਟ ਬਾਰੇ ਜਾਣੂ ਕਰਵਾਉਂਦਿਆਂ ਕਿਹਾ ਕਿ ਮੋਬਾਇਲ 'ਤੇ ਗਲਤ ਸੁਨੇਹੇ ਭੇਜਣਾ ਅਤੇ ਛੇੜਛਾੜ ਕਰਨ 'ਤੇ ਸਖ਼ਤ ਸਜ਼ਾ ਮਿਲਦੀ ਹੈ।
ਕਾਊਂਸਲਰ ਨੇ ਕਿਹਾ ਕਿ ਬਾਲ ਵਿਆਹ, ਬਾਲ ਮਜ਼ਦੂਰੀ ਅਤੇ ਕਿਸੇ ਮੁਸੀਬਤ ਵਿਚ ਮਿਲੇ ਬੱਚੇ ਦੀ ਮਦਦ ਲਈ ਪੁਲਿਸ ਵਿਭਾਗ ਬਾਲ ਭਲਾਈ ਕਮੇਟੀ ਤੇ ਜਿਲਾ ਬਾਲ ਸੁਰੱਖਿਆ ਦਫਤਰ ਮਾਨਸਾ 'ਨੂੰ ਸੂਚਨਾ ਦਿੱਤੀ ਜਾ ਸਕਦੀ ਹੈ।

# ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ (ਰਜਿ:ਨੰ.26) ਦੀ ਚੀਫ਼ ਇੰਜੀਨੀਅਰ (ਉੱਤਰ) ਹੈੱਡ ਆਫ਼ਿਸ ਪਟਿਆਲਾ ਨਾਲ ਹੋਈ ਮੀਟਿੰਗ

ਪਾਤੜਾਂ (ਲੋਕ ਬਾਣੀ) ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ (ਰਜਿ:ਨੰ.26)ਦੀ ਮੀਟਿੰਗ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਚੀਫ਼ ਇੰਜੀਨੀਅਰ (ਉੱਤਰ) ਹੈੱਡ ਆਫ਼ਿਸ ਪਟਿਆਲਾ ਨਾਲ ਮੀਟਿੰਗ ਹੋਈ । ਜਿਸ ਦੌਰਾਨ ਜਥੇਬੰਦੀ ਵੱਲੋਂ ਆਪਣੀਆਂ ਮੰਗਾਂ ਨੂੰ ਲੈਕੇ ਵਿਸ਼ੇਸ਼ ਚਰਚਾ ਕੀਤੀ।ਇਸ ਉਪਰੰਤ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਰਮੇਸ਼ ਕੁਮਾਰ ਨਾਈਵਾਲਾ ਤੇ ਕਸ਼ਮੀਰ ਸਿੰਘ ਅਤਾਲਾਂ ਨੇ ਕਿਹਾ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਅਧੀਨ ਪਿਛਲੇ ਪੰਦਰਾਂ ਵੀਹ ਸਾਲਾਂ ਤੋਂ ਸੇਵਾਵਾਂ ਨਿਭਾਅ ਰਹੇ ਇਨਲਿਸਟਮੈਂਟ ਤੇ ਆਊਟਸੋਰਸਿੰਗ ਕਾਮਿਆਂ ਨੂੰ ਵਿਭਾਗ ਅਧੀਨ ਲਿਆਕੇ ਰੈਗੂਲਰ ਕਰਨ ਸਬੰਧੀ ਲਿਆਂਦੀ ਜਾ ਰਹੀ ਪਾਲਸੀ ਵਾਰੇ ਜਾਣਕਾਰੀ ਸਪਸ਼ਟ ਰੂਪ ਵਿੱਚ ਦੱਸਣਾ, ਪਿਛਲੇ ਤਿੰਨ ਢਾਈ ਸਾਲਾਂ ਤੋਂ ਕਾਮਿਆਂ ਦੀਆਂ ਤਨਖਾਹਾਂ ਦੇ ਵਾਧੇ ਤੇ ਲਾਈ ਰੋਕ ਨੂੰ ਹਟਾਕੇ ਮੌਜੂਦ ਤਨਖਾਹਾਂ ਉਪਰ ਵਾਧਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਇਨ੍ਹਾਂ ਮੰਗਾਂ ਸਬੰਧੀ ਜਵਾਬ ਦਿੰਦਿਆਂ ਚੀਫ਼ ਇੰਜੀਨੀਅਰ ਨੇ ਕਿਹਾ ਕਿ ਵਰਕਰਾਂ ਨੂੰ ਵਿਭਾਗ ਅਧੀਨ ਲਿਆਉਣ ਦੀ ਪ੍ਰਪੋਜ਼ਲ/ਪਾਲਸੀ ਪੰਜਾਬ ਸਰਕਾਰ ਨੂੰ ਭੇਜ ਦਿੱਤੀ ਗਈ ਹੈ ਉਨ੍ਹਾਂ ਕਿਹਾ ਕਿ ਭੇਜੀ ਗਈ ਰਿਪੋਰਟ ਦੀ ਨਕਲ ਜਥੇਬੰਦੀ ਨੂੰ ਨਹੀਂ ਦੇ ਸਕਦੇ ਇਹ ਸਰਕਾਰ ਦੇ ਹੁਕਮਾਂ ਦੀ ਉਲੰਘਣਾ ਹੋਵੇਗੀ ਉਨ੍ਹਾਂ ਕਿਹਾ ਕਿ ਭੇਜੀ ਗਈ ਮੇਲ ਦੀ ਰਿਪੋਰਟ ਤੇ ਪੱਤਰ ਨੰਬਰ ਜਥੇਬੰਦੀ ਨੂੰ ਦੇ ਦਿੱਤਾ ਗਿਆ ਹੈ।ਇਸ ਤੋਂ ਇਲਾਵਾ ਆਗੂਆਂ ਨੇ ਕਿਹਾ ਕਿ ਜਿਨ੍ਹਾਂ ਸਮਾਂ ਪ੍ਰਪੋਜ਼ਲ ਸਰਕਾਰ ਦੇ ਵਿਚਾਰ ਅਧੀਨ ਹੈ ਉਨ੍ਹਾਂ ਸਮਾਂ ਵਰਕਰਾਂ ਤੇ ਲਾਈ ਜਾ ਰਹੀ ਕੁਟੇਸ਼ਨ ਤਿੰਨ ਜਾਂ ਛੇ ਮਹੀਨੇ ਦੀ ਹਟਾਕੇ ਇੱਕ ਸਾਲ ਦੀ ਪ੍ਰਵਾਨਗੀ ਦਿੱਤੀ ਜਾਵੇ। ਤਨਖਾਹਾਂ ਦੇ ਵਾਧੇ ਤੇ ਲਾਈ ਰੋਕ ਨੂੰ ਹਟਾਕੇ ਮੌਜੂਦਾ ਤਨਖਾਹਾਂ ਉਪਰ ਵਾਧਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ 27 ਜੂਨ ਨੂੰ ਮੁੱਖ ਮੰਤਰੀ ਪੰਜਾਬ ਸਰਕਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕੀਤੀ ਗਈ ਮੀਟਿੰਗ ਦੌਰਾਨ ਇਹ ਮੰਗਾਂ ਮੰਨਿਆਂ ਗਈਆਂ ਸਨ ਤੇ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਪੰਜਾਬ ਸਰਕਾਰ



ਵੱਲੋਂ ਇਨ੍ਹਾਂ ਨੂੰ ਲਾਗੂ ਕਰਨ ਸਬੰਧੀ ਹਦਾਇਤਾਂ ਵੀ ਦਿੱਤੀਆਂ ਸਨ। ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਚੀਫ਼ ਇੰਜੀਨੀਅਰ ਨੇ ਕਿਹਾ ਕਿ ਇਹ ਮੰਗਾਂ ਮਾਨਯੋਗ ਵਿਭਾਗੀ ਮੁੱਖੀ ਐਚ.ਓ.ਡੀ. ਹੈੱਡ ਆਫ਼ਿਸ ਮੁਹਾਲੀ ਦੇ ਅਧਿਕਾਰੀ ਖੇਤਰ ਵਿਚ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਮੰਗਾਂ ਸਬੰਧੀ ਹੈੱਡ ਆਫ਼ਿਸ ਪਟਿਆਲਾ ਵੱਲੋਂ ਰਿਪੋਰਟ ਬਣਾਕੇ ਵਿਭਾਗੀ ਮੁੱਖ ਨੂੰ ਭੇਜ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਕੱਢੇ ਵਰਕਰ ਬਹਾਲ ਕਰਨ ਤੇ ਮੌਤ ਹੋ ਚ ਚੁੱਕੇ ਸਬੰਧਿਤ ਕਾਮਿਆਂ ਦੇ ਪਰਿਵਾਰਾਂ ਨੂੰ ਬਿਨਾਂ ਸ਼ਰਤ ਨੋਕਰੀ ਦੇਣ ਆਦਿ ਮੰਗਾਂ ਤੇ ਚੀਫ਼ ਇੰਜੀਨੀਅਰ ਵੱਲੋਂ ਮੌਕੇ ਤੇ ਕਾਰਜਕਾਰੀ ਇੰਜੀਨੀਅਰ ਪੰਜਾਬ ਨੂੰ ਫੋਨ ਰਾਹੀਂ ਹਦਾਇਤਾਂ ਜਾਰੀ ਕੀਤੀਆਂ ਗਈਆਂ।ਜਿਸ ਤੋਂ ਬਾਅਦ ਸੂਬਾ ਕਮੇਟੀ ਨੇ ਸੂਬਾ ਪੱਧਰੀ ਮੀਟਿੰਗ ਕਰਨ ਉਪਰੰਤ ਫੈਸਲਾ ਕੀਤਾ ਕਿ ਮੁੱਖ ਮੰਤਰੀ ਪੰਜਾਬ ਸਰਕਾਰ ਨਾਲ ਹੋਈ ਮੀਟਿੰਗ ਦੌਰਾਨ ਮੰਨਿਆ ਮੰਗਾਂ ਲਾਗੂ ਨਹੀਂ ਹੁੰਦਿਆਂ ਵਿਭਾਗੀ ਮੁੱਖੀ ਐਚ.ਓ.ਡੀ. ਹੈੱਡ ਆਫਿਸ ਮੁਹਾਲੀ ਵੱਲੋਂ ਮੰਗਾਂ ਲਾਗੂ ਕਰਨ ਸਬੰਧੀ ਪ੍ਰਸੀਡਿੰਗ ਜਾਰੀ ਨਹੀਂ ਹੁੰਦੀ ਤਾਂ 05 ਜੁਲਾਈ ਨੂੰ ਜਲੰਧਰ ਪੱਛਮੀ ਹਲਕੇ ਦੀ ਜ਼ਿਮਨੀ ਚੋਣ ਦੌਰਾਨ ਜਥੇਬੰਦੀ ਵੱਲੋਂ ਰੋਸ਼ ਪ੍ਰਦਰਸਨ ਕੀਤਾ ਜਾਵੇਗਾ ਜਿਸ ਦੀ ਨਿਰੋਲ ਜ਼ੁਮੇਵਾਰੀ ਜਲ ਸਪਲਾਈ ਮੈਨੇਜਮੈਂਟ ਦੀ ਹੋਵੇਗੀ।ਇਸ ਮੌਕੇ ਗੁਰਲਾਲ ਸਿੰਘ, ਗੁਰਪ੍ਰੀਤ ਸਿੰਘ. ਜਗਜੀਤ ਸਿੰਘ

## ਗੁਣਤਾਜ ਪ੍ਰੈਸ ਕਲੱਬ ਦੀ ਹੋਈ ਮੀਟਿੰਗ... ਕਲੱਬ ਦਾ ਸਮਾਗਮ ਕਰਵਾਉਣ ਦੀ ਉਲੀਕੀ ਰੂਪ-ਰੇਖਾ...



ਮਹਿਲ ਕਲਾਂ, (ਲੋਕ ਬਾਣੀ) --ਗੁਣਤਾਜ ਪ੍ਰੈਸ ਕਲੱਬ ਮਹਿਲ ਕਲਾਂ ਦੀ ਇੱਕ ਵਿਸ਼ੇਸ਼ ਇਕੱਤਰਤਾ ਨਿਰਮਲ ਸਿੰਘ ਪੰਡੋਰੀ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਅਜੋਕੇ ਦੌਰ ਚ ਪੱਤਰਕਾਰਤਾ ਨੂੰ ਆ ਰਹੀਆਂ ਸਮੱਸਿਆਵਾਂ ਤੇ ਡੂੰਘੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਕਲੱਬ ਦੇ ਚੇਅਰਮੈਨ ਸ੍ਰੀ ਪ੍ਰੇਮ ਕੁਮਾਰ ਪਾਸੀ ਨੇ ਹਾਜ਼ਰੀਨ ਮੈਂਬਰਾਂ ਨੂੰ ਸੁਝਾਅ ਦਿੱਤਾ ਕਿ ਅਜੋਕੇ ਦੌਰ ਵਿੱਚ ਪੱਤਰਕਾਰੀ ਪੇਸ਼ੇ ਪ੍ਰਤੀ ਪਹਿਲਾਂ ਨਾਲੋਂ ਵੱਧ ਜਿੰਮੇਵਾਰ ਹੋਣ ਦੀ ਲੋੜ ਹੈ। ਕਲੱਬ ਦੇ ਸਰਪ੍ਰਸਤ ਡਾਕਟਰ ਮਿੱਠੂ ਮੁਹੰਮਦ ਨੇ ਕਿਹਾ ਕਿ ਕੁਝ ਅਜਿਹੇ ਲੋਕ ਜਿਹੜੇ ਪੱਤਰਕਾਰੀ ਦੇ ਨਾਂ ਤੇ ਬਲੈਕਮੇਲਿੰਗ ਦਾ ਧੰਦਾ ਕਰ ਰਹੇ ਹਨ, ਉਹਨਾਂ ਅਖੌਤੀ ਪੱਤਰਕਾਰਾਂ ਦੀ ਬਦੌਲਤ ਲੋਕਾਂ ਵਿੱਚ ਪੱਤਰਕਾਰਿਤਾ ਦੀ ਭਰੋਸੇਯੋਗਤਾ ਵਿੱਚ ਕਮੀ ਆ ਰਹੀ ਹੈ। ਉਹਨਾਂ ਕਿਹਾ ਕਿ ਸਾਡੀ ਸਾਰਿਆਂ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਪੱਤਰਕਾਰਿਤਾ ਵਿੱਚ ਲੋਕਾਂ ਦਾ ਭਰੋਸਾ ਕਾਇਮ ਰੱਖਿਆ ਜਾਵੇ। ਕਲੱਬ ਦੇ ਪ੍ਰਧਾਨ ਨਿਰਮਲ ਸਿੰਘ ਪੰਡੋਰੀ ਨੇ ਕਿਹਾ ਕਿ ਪੱਤਰਕਾਰੀ ਦੇ ਨਾਂ ਤੇ ਬਲੈਕਮੇਲਿੰਗ ਕਰਨ ਵਾਲੇ ਆਟੇ ਵਿੱਚ ਲੂਣ ਦੇ ਬਰਾਬਰ ਹਨ। ਜਿਨਾਂ ਨੇ ਪੱਤਰਕਾਰੀ ਨੂੰ ਬਦਨਾਮ ਕੀਤਾ ਹੋਇਆ ਹੈ। ਪਰ ਅਜੇ ਵੀ ਬਹੁਤ ਸਾਰੇ ਸੁਹਿਰਦ ਪੱਤਰਕਾਰ ਹਨ, ਜਿਹੜੇ ਸਮਾਜ ਪ੍ਰਤੀ ਚਿੰਤਤ ਹਨ। ਉਹਨਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਪੱਤਰਕਾਰੀ ਦਾ ਮਖੌਟਾ ਪਾ ਕੇ ਬਲੈਕਮੇਲਿੰਗ ਦਾ ਧੰਦਾ ਕਰਨ ਵਾਲੇ ਅਖੌਤੀ ਪੱਤਰਕਾਰਾਂ ਨੂੰ ਮੂੰਹ ਨਾ ਲਗਾਇਆ ਜਾਵੇ। ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੇ ਸਰਬ ਸੰਮਤੀ ਨਾਲ ਇਹ ਵਿਚਾਰ ਕੀਤਾ ਕਿ ਆਉਣ ਵਾਲੇ ਦਿਨਾਂ ਵਿੱਚ ਕਲੱਬ ਵੱਲੋਂ ਇੱਕ ਵੱਡਾ ਸਮਾਗਮ ਕਰਵਾਇਆ ਜਾਵੇਗਾ, ਜਿਸ ਵਿੱਚ ਅਜੋਕੇ ਦੌਰ ਦੀ ਪੱਤਰਕਾਰੀ ਸਬੰਧੀ ਵੱਖ-ਵੱਖ ਬੁਲਾਰਿਆਂ ਨੂੰ ਬੁਲਾ ਕੇ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ ਜਾਵੇਗਾ। ਇਸ ਮੌਕੇ ਸੁਖਵਿੰਦਰ ਸਿੰਘ ਬਾਪਲਾ ਨੂੰ ਕਲੱਬ ਦਾ ਜਨਰਲ ਸਕੱਤਰ ਵੀ ਚੁਣਿਆ ਗਿਆ। ਇਸ ਮੌਕੇ ਕਲੱਬ ਪ੍ਰਧਾਨ ਨਿਰਮਲ ਸਿੰਘ,ਚੇਅਰਮੈਨ ਪ੍ਰੇਮ ਕੁਮਾਰ ਪਾਸੀ, ਸਰਪ੍ਰਸਤ ਡਾਕਟਰ ਮਿੱਠੂ ਮੁਹੰਮਦ, ਮੀਤ ਪ੍ਰਧਾਨ ਜਗਜੀਤ ਸਿੰਘ ਕੁਤਬਾ, ਜਨਰਲ ਸਕੱਤਰ ਸੁਖਵਿੰਦਰ ਸਿੰਘ ਬਾਪਲਾ, ਖਜ਼ਾਨਚੀ ਸੰਦੀਪ ਗਿੱਲ, ਸਟੇਜ ਸੈਕਟਰੀ ਲਕਸ਼ਦੀਪ ਗਿੱਲ, ਅਜੇ ਟੱਲੇਵਾਲ, ਜਗਜੀਤ ਸਿੰਘ ਕਾਲਸਾਂ ਵੀ ਹਾਜ਼ਰ ਸਨ।

## ਵਾਤਾਵਰਨ ਦੀ ਸ਼ੁੱਧਤਾ ਲਈ ਗੁਰੂ ਰਵਿਦਾਸ ਪਾਰਕ ਅਤੇ ਹੋਰਨਾਂ ਥਾਵਾਂ ਤੇ ਲਗਾਏ ਪੌਦੇ ਹਰ ਮਨੁੱਖ ਲਗਾਵੇ ਇੱਕ ਰੁੱਖ -ਗਿੱਲ



ਸ੍ਰੀ ਮਾਛੀਵਾੜਾ ਸਾਹਿਬ-(ਲੋਕ ਬਾਣੀ) - ਦਿਨੋ ਦਿਨ ਪ੍ਰਦੂਸ਼ਿਤ ਹੁੰਦਾ ਜਾ ਰਿਹਾ ਵਾਤਾਵਰਨ ਮਨੁੱਖੀ ਜੀਵਨ ਲਈ ਖਤਰਿਆਂ ਭਰਪੂਰ ਹੁੰਦਾ ਜਾ ਰਿਹਾ ਹੈ, ਇਸ ਲਈ ਵਾਤਾਵਰਨ ਦੀ ਸਾਂਭ ਸੰਭਾਲ ਅਤੇ ਸ਼ੁੱਧਤਾ ਲਈ ਸਾਨੂੰ ਹਰ ਇੱਕ ਇਨਸਾਨ ਨੂੰ ਇੱਕ ਇੱਕ ਬੂਟਾ ਲਗਾ ਕੇ ਉਸਦਾ ਪਾਲਣ ਪੋਸ਼ਣ ਜ਼ਰੂਰ ਕਰਨਾ ਚਾਹੀਦਾ ਹੈ।ਨਗਰ ਕੌਂਸਲ ਮਾਛੀਵਾੜਾ ਸਾਹਿਬ ਦੇ ਸਹਿਯੋਗ ਨਾਲ ਗੁਰੂ ਰਵਿਦਾਸ ਪਾਰਕ ਮਾਛੀਵਾੜਾ ਸਾਹਿਬ ਅਤੇ ਹੋਰ ਵੱਖ ਵੱਖ ਥਾਵਾਂ ਤੇ ਪੌਦੇ ਲਗਾਉਂਦਿਆਂ ਇਹਨਾਂ ਗੱਲਾਂ ਦਾ ਪ੍ਰਗਟਾਵਾ ਆਪ ਆਗੂ ਸੁਖਵਿੰਦਰ ਸਿੰਘ ਗਿੱਲ ਨੇ ਕੀਤਾ। ਉਹਨਾਂ ਕਿਹਾ ਕਿ ਜਿੰਨੀ ਤੇਜ਼ੀ ਦੇ ਨਾਲ ਵਾਤਾਵਰਨ ਪ੍ਰਦੂਸ਼ਿਤ ਹੋ ਰਿਹਾ ਹੈ, ਗਰਮੀ ਵੱਧ ਰਹੀ ਹੈ, ਤਾਪਮਾਨ ਲਗਭਗ 50 ਡਿਗਰੀ ਸੈਲਸੀਅਸ ਨੂੰ ਪਾਰ ਕਰ ਚੁੱਕਾ ਜੇਕਰ ਬਾਬੇ ਤਾਪਮਾਨ ਨੂੰ ਰੋਕਣਾ ਹੈ ਵਾਤਾਵਰਨ ਦੀ ਸ਼ੁੱਧਤਾ ਅਤੇ ਸਾਂਭ ਸੰਭਾਲ ਦੇ ਲਈ ਸਾਨੂੰ ਵੱਧ ਤੋਂ ਵੱਧ ਪੌਦੇ ਲਗਾ ਕੇ ਉਹਨਾਂ ਦਾ ਪਾਲਣ ਪੋਸ਼ਣ ਵੀ ਕਰਨਾ ਪਵੇਗਾ, ਕਿਉਂਕਿ ਪਿਛਲੇ ਦਿਨਾਂ ਦੇ ਦੌਰਾਨ ਜਦੋਂ ਤਾਪਮਾਨ 50 ਡਿਗਰੀ ਤੋਂ ਵੀ ਉੱਪਰ ਚਲਾ ਗਿਆ ਤਾਂ ਲੋਕਾਂ ਵਿੱਚ ਹਾਹਾਕਾਰ ਮੱਚ ਗਈ ਸੀ ਪਰ ਇਸ ਤਾਪਮਾਨ ਨੂੰ ਘਟਾਉਣ ਦੇ ਲਈ ਯਤਨ ਕਰਨ ਦੇ ਲਈ ਕੋਈ ਤਿਆਰ ਹੀ ਨਹੀਂ। ਉਹਨਾਂ ਕਿਹਾ ਕਿ ਵਾਤਾਵਰਨ ਨੂੰ ਬਚਾਉਣਾ ਸਾਡਾ ਸਭਨਾਂ ਦਾ ਸਾਂਝਾ ਤੇ ਮੁਢਲਾ ਫਰਜ਼ ਹੈ। ਇਸ ਲਈ ਜ਼ਰੂਰੀ ਹੈ ਕਿ ਇਹਨਾਂ ਬਰਸਾਤ ਦੇ ਦਿਨਾਂ ਵਿੱਚ ਵੱਧ ਤੋਂ ਵੱਧ ਪੌਦੇ ਲਗਾਏ ਜਾਣ ਉਹਨਾਂ ਦਾ ਪਾਲਣ ਪੋਸ਼ਣ ਕੀਤਾ ਜਾਵੇ। ਉਹਨਾਂ ਕਿਹਾ ਕਿ ਅੱਜ ਮਾਛੀਵਾੜਾ ਸਾਹਿਬ ਦੇ ਵੱਖ-ਵੱਖ ਥਾਵਾਂ ਉੱਤੇ ਸੈਂਕੜਿਆਂ ਦੀ ਗਿਣਤੀ ਵਿੱਚ ਪੌਦੇ ਲਗਾਏ ਗਏ ਹਨ ਤੇ ਇਹਨਾਂ ਦਾ ਪਾਲਣ ਪੋਸ਼ਣ ਵੀ ਕੀਤਾ ਜਾਵੇਗਾ। ਇਸ ਮੌਕੇ ਸੈਨਟਰੀ ਇੰਸਪੈਕਟਰ ਸੁਖਦੇਵ ਸਿੰਘ ਬਿੱਟੂ ਆਪ ਆਗੂ ਧਰਮਵੀਰ ਧੰਮੀ, ਪਰਵੀਨ ਮੱਕੜ, ਤਾਰੀ ਯੂਕੇ, ਬੰਟੀ ਯੂਕੇ, ਰਿੰਕਾ ਮਾਛੀਵਾੜਾ ਅਤੇ ਨਗਰ ਕੌਂਸਲ ਦੇ ਕਰਮਚਾਰੀਆਂ, ਵੀ ਮੌਜੂਦ ਸਨ।

# ਉਰਦੂ ਸਿਖਲਾਈ ਲਈ ਦਾਖ਼ਲਾ ਲੈਣ ਦੀ ਮਿਤੀ ਵਿੱਚ 12 ਜੁਲਾਈ ਤੱਕ ਵਾਧਾ




ਸ਼ਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ਮਨਪ੍ਰੀਤ ਵਾਸੂ)ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬੀ ਭਾਸ਼ਾ ਦੇ ਵਿਕਾਸ ਦੇ ਨਾਲ-ਨਾਲ ਉਰਦੂ ਭਾਸ਼ਾ ਦੀ ਸਿਖਲਾਈ ਵੀ ਦਿੱਤੀ ਜਾਂਦੀ ਹੈ। ਜ਼ਿਲ੍ਹਾ ਭਾਸ਼ਾ ਅਫ਼ਸਰ ਸੰਦੀਪ ਸਿੰਘ ਨੇ ਦੱਸਿਆ ਭਾਸ਼ਾ ਵਿਭਾਗ, ਪੰਜਾਬ ਵਲੋਂ ਉਰਦੂ ਸਿੱਖਣ ਦੇ ਚਾਹਵਾਨ ਸਿਖਿਆਰਥੀਆਂ ਲਈ ਉਰਦੂ ਕੋਰਸ 01 ਜੁਲਾਈ 2024 ਤੋਂ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਕੋਰਸ ਦੀ ਮਿਆਦ 6 ਮਹੀਨੇ ਹੋਵੇਗੀ। ਕਿਸੇ ਵੀ ਉਮਰ ਦਾ ਸਿਖਿਆਰਥੀ ਇਸ ਕੋਰਸ ਵਿੱਚ ਦਾਖ਼ਲਾ ਲੈ ਸਕਦਾ ਹੈ। ਇਸ ਕੋਰਸ ਦੀ ਕੁੱਲ ਫ਼ੀਸ ਸਿਰਫ਼ 500 ਰੁਪਏ ਹੈ। ਕਲਾਸ ਦਾ ਸਮਾਂ ਸ਼ਾਮ 5 ਤੋਂ 6 ਵਜੇ ਤੱਕ ਹੋਵੇਗਾ।ਉਰਦੂ ਸਿੱਖਣ ਦੇ ਚਾਹਵਾਨ ਇਸ ਕੋਰਸ ਲਈ ਦਾਖ਼ਲਾ ਫ਼ਾਰਮ ਦਫ਼ਤਰ, ਜ਼ਿਲ੍ਹਾ ਭਾਸ਼ਾ ਅਫ਼ਸਰ, ਸ਼ਹੀਦ ਭਗਤ ਸਿੰਘ ਨਗਰ ਕਮਰਾ ਨੰਬਰ 23, ਵਿਖੇ ਕਿਸੇ ਵੀ ਕੰਮ ਕਾਜ ਵਾਲੇ ਦਿਨ (ਦਫ਼ਤਰੀ ਸਮੇਂ ਦੌਰਾਨ) ਪ੍ਰਾਪਤ ਕਰ ਸਕਦੇ ਹਨ। ਫ਼ਾਰਮ ਭਰਨ ਦੀ ਮਿਤੀ ਵਿੱਚ 12 ਜੁਲਾਈ ਤੱਕ ਵਾਧਾ ਕੀਤਾ ਗਿਆ ਹੈ। ਹੋਰ ਜਾਣਕਾਰੀ ਲਈ (84376-26373) ਸੰਪਰਕ ਕੀਤਾ ਜਾ ਸਕਦਾ ਹੈ।

# ਦਸਤ ਰੋਕੋ ਮੁਹਿੰਮ ਸਬੰਧੀ ਸੀਐਚਸੀ ਸ਼ੇਰਪੁਰ ਵਿਖੇ ਟ੍ਰੇਨਿੰਗ ਪ੍ਰੋਗਰਾਮ ਆਯੋਜਿਤ




ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਕਮਿਊਨਿਟੀ ਹੈਲਥ ਸੈਂਟਰ ਸ਼ੇਰਪੁਰ ਵੱਲੋਂ ਡਿਪਟੀ ਕਮਿਸ਼ਨਰ ਸੰਗਰੂਰ ਸ੍ਰੀ ਜਤਿੰਦਰ ਜੋਰਾਵਾਲ ਆਈਏਐਸ ਅਤੇ ਡਾਕਟਰ ਕਿਰਪਾਲ ਸਿੰਘ ਸਿਵਲ ਸਰਜਨ ਸੰਗਰੂਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਡਾਕਟਰ ਮੁਹੰਮਦ ਅਖਤਰ ਐਸਐਮਓ ਸ਼ੇਰਪੁਰ ਦੀ ਅਗਵਾਈ ਹੇਠ ਮੀਟਿੰਗ ਹਾਲ ਸ਼ੇਰਪੁਰ ਵਿਖੇ ਦਸਤ ਰੋਕੂ ਮੁਹਿੰਮ ਤਹਿਤ ਟ੍ਰੇਨਿੰਗ ਪ੍ਰੋਗਰਾਮ ਆਯੋਜਿਤ ਕੀਤਾ ਗਿਆ।ਇਸ ਮੌਕੇ ਡਾਕਟਰ ਸਿਮਰਨ ਪਾਹਵਾ (ਬੱਚਿਆਂ ਦੇ ਰੋਗਾਂ ਦੇ ਮਾਹਰ) ਵੱਲੋਂ ਬਲਾਕ ਅਧੀਨ ਆਉਂਦੇ ਸਮੂਹ ਐਮਪੀਐਮ(ਮ) ਐਲਐਚ ਵੀ ਅਤੇ ਐਮਪੀਐਚ ਡਬਲਿਊ (ਮ) ਅਤੇ ਐਮਪੀਐਚ ਡਬਲਿਊ ਫੀਮੇਲ ਨੂੰ ਟਰੇਨਿੰਗ ਕਰਵਾਈ ਗਈ। ਇਸ ਮੌਕੇ ਡਾਕਟਰ ਸਿਮਰਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੁਲਾਈ ਮਹੀਨੇ ਤੋਂ ਸ਼ੁਰੂ ਹੋ ਕੇ 31 ਅਗਸਤ 2024 ਤੱਕ ਲਗਾਤਾਰ ਦੋ ਮਹੀਨੇ

ਡਾਇਰੀਆ ਰੋਕਥਾਮ ਸਬੰਧੀ ਚੱਲੇਗੀ। ਇਸ ਅਧੀਨ ਆਸ਼ਾ ਵੱਲੋਂ ਛੇ ਮਹੀਨਿਆਂ ਤੋਂ 05 ਸਾਲ ਤੱਕ ਦੇ ਸਾਰੇ ਬੱਚਿਆਂ ਨੂੰ ਓਆਰਐਸ ਪੈਕਟ ਦੀ ਵੰਡ ਘਰ ਘਰ ਜਾ ਕੇ ਕੀਤੀ ਜਾਵੇਗੀ। ਜਿੰਕ ਦੀ ਗੋਲੀ ਕੇਵਲ ਉਨਾਂ ਬੱਚਿਆਂ ਨੂੰ ਹੀ ਦਿੱਤੀ ਜਾਵੇਗੀ ਜੋ ਕਿ ਦਸਤ ਦੇ ਰੋਗਾਂ ਤੋਂ ਪੀੜਤ ਹੋਣਗੇ। ਇਸ ਮੌਕੇ ਸ੍ਰੀ ਕਰਨੈਲ ਸਿੰਘ ਜਿਲ੍ਹਾ

ਮਾਸ ਮੀਡੀਆ ਅਤੇ ਸੂਚਨਾ ਅਫਸਰ ਸਿਵਲ ਸਰਜਨ ਦਫਤਰ ਸੰਗਰੂਰ, ਸ੍ਰੀ ਹਰਪ੍ਰੀਤ ਸਿੰਘ ਪੀਐਨਡੀਟੀ ਕੁਆਰਡੀਨੇਟਰ ਵੱਲੋਂ ਵੀ ਦਸਤ ਰੋਕੂ ਮੁਹਿੰਮ ਸੰਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਤਰਸੇਮ ਸਿੰਘ ਵੀ ਬੀਈਈ ਵੱਲੋਂ ਡਾਇਰੀਆ ਦੇ ਰੋਕਥਾਮ ਸਬੰਧੀ ਦੱਸਿਆ ਗਿਆ ਅਤੇ ਸਿਹਤ ਵਿਭਾਗ ਵੱਲੋਂ ਜਾਰੀ ਲੋਗੋ ਡਾਇਰੀਆ ਦੀ ਰੋਕਥਾਮ ਸਾਫ ਸਫਾਈ ਅਤੇ ਓਆਰਐਸ ਨਾਲ ਰੱਖੋ ਆਪਣਾ ਧਿਆਨ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ। ਇਸ ਮੌਕੇ ਡਾਕਟਰ ਪ੍ਰਭਜੋਤ ਬਾਵਾ ਐਮਡੀ,ਸ੍ਰੀ ਰਾਜਵੀਰ ਸਿੰਘ ਐਸਆਈ, ਅਸ਼ੋਕ ਕੁਮਾਰ ਐਸਆਈ, ਮਹਿੰਦਰ ਸਿੰਘ ਐਸਆਈ, ਹਰਜਿੰਦਰ ਸਿੰਘ ਝਲੂਰ ਬੀਐਸਏ, ਨਰਿੰਦਰ ਸਿੰਘ ਕੰਪਿਊਟਰ ਆਪਰੇਟਰ, ਕੁਲਵੰਤ ਕੌਰ ਐਲਐਚਵੀ ਅਤੇ ਸਮੂਹ ਸਟਾਫ ਦੇ ਅਧਿਕਾਰੀ ਹਾਜਰ ਸਨ।

# ਜਨਤਕ ਥਾਵਾਂ ਤੇ ਸਿਗਰਟ ਨੋਸ਼ੀ ਕਰਨ ਵਾਲਿਆਂ ਖਿਲਾਫ ਸਖਤ ਹੋਇਆ ਸਿਹਤ ਵਿਭਾਗ

ਅੰਮ੍ਰਿਤਸਰ (ਅਰਵਿੰਦਰ ਵੜੈਚ)- ਸਿਵਲ ਸਰਜਨ ਡਾ.ਸੁਮੀਤ ਸਿੰਘ

ਕੋਟਪਾ ਐਕਟ ਨੂੰ ਸਖਤੀ ਨਾਲ ਲਾਗੂ ਕਰਨ ਸੰਬਧੀ ਉਨ੍ਹਾਂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਨੋਡਲ ਅਫਸਰ ਐਨ.ਟੀ.ਸੀ.ਪੀ. ਕਮ ਡੀ.ਡੀ.ਐਚ.ਓ. ਡਾ.ਜਗਨਜੋਤ ਕੋਰ ਵਲੋਂ ਇਕ ਸਪੈਸ਼ਲ ਟੀਮ ਦਾ ਗਠਨ ਕੀਤਾ ਗਿਆ। ਜਿਸ ਵਿਚ ਜ਼ਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਐਸ.ਆਈ. ਪਰਮਜੀਤ ਸਿੰਘ, ਦੀਪਕ ਕੁਮਾਰ,ਰਜੇਸ਼ ਕੁਮਾਰ, ਜੁਝਾਰ ਸਿੰਘ, ਰਸ਼ਪਾਲ ਸਿੰਘ, ਬਲਵਿੰਦਰ ਸਿੰਘ ਅਤੇ ਸਹਾਇਕ ਸਟਾਫ ਸ਼ਾਮਿਲ ਸਨ।ਇਸ ਟੀਮ ਵਲੋਂ ਮੌਕੇ ਤੇ ਕਾਰਵਾਈ ਕਰਦਿਆਂ ਹੋਇਆ ਸ਼ਹਿਰ ਦੇ ਵੱਖ-ਵੱਖ ਇਲਕਿਆਂ ਵਿਚ ਤੰਬਾਕੂ ਵਿਕਰੇਤਾਵਾਂ ਦੀ ਜਾਂਚ ਕੀਤੀ ਗਈ, ਜਿਸ ਦੌਰਾਨ ਕੋਰਟ ਰੋਡ, ਏਅਰ ਪੋਰਟ ਰੋਡ, ਅਤੇ ਰਾਜਾ ਸਾਂਸੀ ਦੇ ਨੇੜੇ ਦੇ ਇਲਾਕਿਆਂ ਵਿਚ 21 ਦੁਕਾਨਦਾਰਾਂ ਅਤੇ ਪਬਲਿਕ ਪਲੇਸ ਤੇ ਸਿਗਰਟ ਪੀਣ ਵਾਲੇ 6 ਲੋਕਾਂ ਦੇ ਮੌਕੇ ਤੇ ਚਲਾਨ ਕਟੇ ਗਏ ਅਤੇ ਪੰਜਾਬ ਸਰਕਾਰ ਵਲੋਂ ਐਕਟ ਤਹਿਤ ਸਮੂਹ ਤੰਬਾਕੂ ਵਿਕ੍ਰੇਤਾਵਾਂ ਨੂੰ ਚੇਤਾਵਨੀ ਦਿੰਦਿਆ ਹਿਦਾਇਤਾਂ ਜਾਰੀ ਕੀਤੀਆਂ। ਇਸ ਅਵਸਰ ਤੇ ਡਾ ਸੁਮੀਤ ਸਿੰਘ ਵਲੋ ਇਸ ਮੌਕੇ ਤੇ ਜਾਣਕਾਰੀ ਦਿੱਤੀ ਗਈ ਕਿ ਭਾਰਤ ਸਰਕਾਰ ਵਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਲਾਜਮੀਂ ਕੀਤਾ ਹੈ ਕਿ ਹਰੇਕ ਤੰਬਾਕੂ ਪ੍ਰੋਡਕਟ ਦੇ ਪੈਕਟ ਦੇ ਦੋਵੇਂ ਪਾਸੇ ਇਕ ਨਿਰਧਾਰਤ ਮਾਪਦੰਡ ਅਨੁਸਾਰ ਇਕ ਨਿਰਧਾਰਤ ਫੋਟੋ ਅਤੇ ਉਸ ਉਪੱਰ ਤੰਬਾਕੂ ਦਰਦਨਾਕ ਮੌਤ ਦਾ ਕਾਰਣ ਬਣਦਾ ਹੈ। ਇਸਨੂੰ ਅੱਜ ਹੀ ਬੰਦ ਕਰੋ, ਸੰਪਰਕ ਨੰ: 1800-11-2356 ਲਿਖਿਆ ਜਾਣਾਂ ਲਾਜਮੀਂ ਹੈ।ਇਸਦੇ ਨਾਲ ਹੀ ਫਰੰਟ ਤੇ ਸਫੈਦ ਬੈਕਗ੍ਰਾਉਂਡ ਅਤੇ ਪਿਛਲੇ ਪਾਸੇ ਕਾਲੇ ਰੰਗ ਦੀ ਬੈਕਗ੍ਰਾਉਂਡ ਹੋਣੀ ਜਰੂਰੀ ਹੈ।ਉਪਰੋਕਤ ਹਿਦਾਇਤਾਂ 1 ਦਸੰਬਰ 2020 ਤੋਂ ਲਾਗੂ ਹਨ।ਇਸ ਲਈ ਬਿਨਾਂ ਉਪਰੋਕਤ ਮਾਪਦੰਡ ਦੇ ਤੰਬਾਕੂ ਵੇਚਣਾਂ ਕਾਨੂੰਨਣ ਸਜਾ ਯੋਗ ਅਪਰਾਧ ਹੈ। ਇਸ ਲਈ ਜੇਕਰ ਕੋਈ ਵੀ ਤੰਬਾਕੂ ਵਿਕ੍ਰੇਤਾਂ ਬਿਨਾਂ ਮਾਪਦੰਡ ਵਾਲਾ ਤੰਬਾਕੂ ਸਮਾਨ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਧਾਰਾ 20 ਤਹਿਤ ਸਖਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਸ ਤੋਂ ਇਲਾਵਾ ਖੁੱਲੀ ਸਿਗਟਰ ਵੇਚਣਾਂ ਅਤੇ ਪਬਲਿਕ ਪਲੇਸ ਤੇ ਤੰਬਾਕੂ ਨੋਸ਼ੀ ਕਰਨਾਂ ਵੀ ਸਜਾ/ਜੁਰਮਾਨੇਂ ਯੋਗ ਅਪਰਾਧ ਹੈ।




ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇਨਾਂ ਤੱਥਾਂ ਦੀ ਪੜਤਾਲ , ਪ੍ਰਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਕ੍ਰਿਸ਼ੀ ਵਿਗਿਆਨ ਕੇਂਦਰ, ਲੰਗੜੋਆ ਵੱਲੋਂ ਵੱਖ-ਵੱਖ ਤਰੀਕਿਆਂ ਨਾਲ ਕੱਪੜਿਆਂ ਦੀ ਸਾਜੋ-ਸਜਾਵਟ ਦੁਆਰਾ ਕੀਮਤ ਦਰ ਵਧਾਉਣ ਸਬੰਧੀ ਸਿਖਲਾਈ ਕੋਰਸ ਦਾ ਆਯੋਜਨ

ਸ਼ਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ ਮਨਪ੍ਰੀਤ ਵਾਸੂ)ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਲੰਗੜੋਆ, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਵੱਖ-ਵੱਖ ਤਰੀਕਿਆਂ ਨਾਲ ਕੱਪੜਿਆਂ ਦੀ ਸਾਜੋ-ਸਜਾਵਟ ਦੁਆਰਾ ਕੀਮਤ ਦਰ ਵਧਾਉਣ ਸਬੰਧੀ ਇੱਕ ਦਿਨ ਸਿਖਲਾਈ ਕੋਰਸ ਦਾ ਆਯੋਜਨ ਕੇ.ਵੀ.ਕੇ. ਵਿਖੇ ਕੀਤਾ ਗਿਆ।ਇਸ ਸਿਖਲਾਈ ਪ੍ਰੋਗਰਾਮ ਦੌਰਾਨ, ਕਿਸਾਨ ਬੀਬੀਆਂ ਨੂੰ ਸੰਬੋਧਿਤ ਅਤੇ ਸਮੂਹ ਚਰਚਾ ਵਿਧੀ ਰਾਹੀਂ ਸਹਾਇਕ ਪ੍ਰੋਫੈਸਰ (ਗ੍ਰਹਿ ਵਿਗਿਆਨ), ਡਾ. ਰਜਿੰਦਰ ਕੌਰ ਨੇ ਦੱਸਿਆ ਕਿ ਘਰ ਵਿੱਚ ਹੀ ਅਸੀ ਕੱਪੜਿਆਂ ਨੂੰ ਵੱਖ-ਵੱਖ ਸਾਜੋ- ਸਜਾਵਟ ਦੀ ਤਕਨੀਕਾਂ, ਜਿਵੇਂ ਕਿ ਫੈਬਰਿਕ ਪ੍ਰਿੰਟਿੰਗ, ਬਾਟੀਕ, ਸਕਰੀਨ ਪ੍ਰਿੰਟਿੰਗ, ਟਾਈ ਐਂਡ ਡਾਈ ਅਤੇ ਬਲੌਕ ਪ੍ਰਿੰਟਿੰਗ ਨਾਲ ਬਹੁਤ ਹੀ ਵਧੀਆ ਢੰਗ ਨਾਲ ਸਜਾਕੇ ਇਹਨਾਂ ਤੋਂ ਘਰੇਲੂ ਉਪਯੋਗੀ ਉਤਪਾਦ ਤਿਆਰ ਕਰ ਸਕਦੇ ਹਨ। ਉਹਨਾਂ ਕਿਹਾ ਕਿ ਇਹ ਹੁਨਰ ਸੁਆਣੀਆਂ ਤੇ ਕੁੜੀਆਂ ਦੇ ਸਵੈ-ਰੁਜਗਾਰ ਲਈ ਲਾਹੇਵੰਦ ਹੈ ਕਿਉਂਕਿ ਇਸ ਨਾਲ ਬੂਟੀਕ ਵਿੱਚ ਵੀ ਕੰਮ ਮਿਲ ਸਕਦਾ ਹੈ।ਇਸੇ ਲੜੀ ਦੌਰਾਨ ਡੇਮੋਂਸਟਰੇਟਰ (ਗ੍ਰਹਿ ਵਿਗਿਆਨ), ਸ਼੍ਰੀਮਤੀ ਰੇਨੂੰ ਬਾਲਾ ਨੇ ਸੁਆਣੀਆਂ ਨੂੰ ਇਹਨਾਂ ਤਕਨੀਕਾਂ ਦੀ ਅਮਲੀ ਜਾਣਕਾਰੀ ਪ੍ਰਦਰਸ਼ਿਤ ਕੀਤੀ।ਉਹਨਾਂ ਨੇ ਇਸ ਦੇ ਨਾਲ ਹੀ ਕੰਮ ਕਰਨ ਦੌਰਾਨ ਸਾਫ਼-ਸਫਾਈ ਨੂੰ ਮਹੱਤਤਾ ਦੇਣ ਲਈ ਵੀ ਅਪੀਲ ਕੀਤੀ



# ਕੀ ਸ਼ਿਵਿਕਾ ਤੇ ਲੱਗਿਆ ਕਤਲ ਦਾ ਦੋਸ਼ ਹੋ ਜਾਵੇਗਾ ਸੱਚ ?



(ਲੋਕ ਬਾਣੀ) ਪਿਛਲੇ ਐਪੀਸੋਡ ਵਿੱਚ ਅਸੀਂ ਦੇਖਿਆ ਸੀ ਕਿ ਕਿਰਪਾਲ ਇਹ ਕਹਿਣ ਤੋਂ ਪਹਿਲਾਂ ਕਿ ਸ਼ਿਵਿਕਾ ਨੇ ਉਸਨੂੰ ਕਾਵਿਆ ਨੂੰ ਅਗਵਾ ਕਰਨ ਅਤੇ ਈਸ਼ਾਨ, ਮਾਂ ਕਾਲੀ ਉਸਦੇ ਅੰਦਰ ਆ ਕਿਰਪਾਲ ਨੂੰ ਲੱਭਣ ਦਾ ਹੁਕਮ ਦਿੱਤਾ।

ਅੱਜ ਅਸੀਂ ਸ਼ਿਵਿਕਾ-ਸਾਥ ਯੁਗਾਂ ਯੁਗਾਂ ਦਾ ਦੇ ਆਗਾਮੀ ਐਪੀਸੋਡ ਵਿੱਚ ਅਸੀਂ ਦੇਖਾਂਗੇ ਕਿ ਈਸ਼ਾਨ ਨੂੰ ਕਿਰਪਾਲ ਦੀ ਲਾਸ਼ ਮੰਦਰ ਦੇ ਬਾਹਰ ਮਿਲੀ; ਦਿਵਿਆਨਾ ਨੇ ਕਿਰਪਾਲ ਦੀ ਹੱਤਿਆ ਲਈ ਸ਼ਿਵਿਕਾ ਤੇ ਦੋਸ਼ ਲਗਾਇਆ। ਉਹ ਈਸ਼ਾਨ ਅਤੇ ਸ਼ਿਵਿਕਾ ਨੂੰ ਦਿਵਿਆਨਾ ਦੀ ਸ਼ਮੂਲੀਅਤ ਬਾਰੇ ਦੱਸਦਾ ਹੈ।

ਕੀ ਮਾਤਾ ਰਾਣੀ ਖੁਦ ਸ਼ਿਵਿਕਾ ਦੀ ਮਦਦ ਕਰ ਰਹੀ ਹੈ ? ਕ੍ਰਿਪਾਲ, ਸ਼ਿਵਿਕਾ ਤੇ ਹਮਲਾ ਕਿਉਂ ਨਹੀਂ ਕਰ ਸਕਦਾ ? ਸ਼ਿਵਿਕਾ-ਸਾਥ ਯੁਗਾਂ ਯੁਗਾਂ ਦਾ ਹਰ ਸੋਮਵਾਰ ਰਾਤ 8:00 ਵਜੇ ਸਿਰਫ਼ ਜ਼ੀ ਪੰਜਾਬੀ ਤੇ ਦੇਖੋ।

# ਹਿੰਦੂਆਂ ਨੂੰ ਹਿੰਸਕ ਕਹਿ ਕੇ ਰਾਹੁਲ ਗਾਂਧੀ ਨੇ ਹਿੰਦੂ ਵਿਰੋਧੀ ਹੋਣ ਦਾ ਦਿੱਤਾ ਸਬੂਤ-ਹਿੰਦੂ ਸੰਯੁਕਤ ਮੋਰਚਾ

ਅੰਮ੍ਰਿਤਸਰ (ਅਰਵਿੰਦਰ ਵੜੈਚ)- ਇੰਡੀਆ ਗਠਬੰਧਨ ਦੇ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਵਲੋਂ ਲੋਕਸਭਾ ਸੈਸ਼ਨ ਦੇ ਦੌਰਾਨ ਹਿੰਦੂ ਧਰਮ ਖਿਲਾਫ ਭੱਦੀ ਸ਼ਬਦਾਵਲੀ ਅਤੇ ਹਿੰਦੂਆਂ ਨੂੰ ਹਿੰਸਕ ਕਹਿਣ ਦੇ ਵਿਰੋਧ ਵਿਚ ਹਿੰਦੂ ਸੰਯੁਕਤ ਮੋਰਚਾ ਵਲੋਂ ਰਾਹੁਲ ਗਾਂਧੀ ਦੇ ਪੋਸਟਰ ਫੂਕ ਕੇ ਰੋਸ਼ ਪ੍ਰਦਰਸ਼ਨ ਕੀਤਾ ਗਿਆ। ਜਿਸ ਵਿਚ ਜੈ ਗੋਪਾਲ ਲਾਲੀ,ਸਚਿਨ ਬਹਿਲ,ਅਨਿਲ ਟੰਡਨ, ਰਾਜੇਸ਼ ਪੁਰੀ,ਮਨੋਜ ਕੁਮਾਰ ਡਿਪਟੀ, ਟੀਟੂ ਬੋਕਸਰ,ਸਚਿਨ ਮਹਿਰਾ,ਸੁਭਾਸ਼ ਭਗਤ, ਅਜੇ ਭਗਤ,ਸੰਨੀ ਚਾਵਲਾ,ਸੰਜੇ ਕਪੂਰ, ਯੁਵਰਾਜ ਮੱਟੂ,ਸ਼ਿਵ ਕੁਮਾਰ,ਨਵਦੀਪ ਸ਼ਰਮਾ ਤੇ ਹੋਰ ਨੇਤਾਵਾਂ ਨੇ ਜੰਮ ਕੇ ਨਾਅਰੇਬਾਜ਼ੀ ਕੀਤੀ। ਜੈ ਗੋਪਾਲ ਲਾਲੀ ਤੇ ਸਮੂਹ ਅਹੁਦੇਦਾਰਾਂ ਨੇ ਸਾਂਝੇ ਤੌਰ ਤੇ ਗੱਲਬਾਤ ਕਰਦਿਆਂ ਕਿਹਾ ਕਿ ਰਾਹੁਲ ਗਾਂਧੀ ਨੇ ਲੋਕਸਭਾ ਸੈਸ਼ਨ ਵਿਚ ਹਿੰਦੂਆਂ ਪ੍ਰਤੀ ਕੀਤੀ ਗਈ ਟਿਪਣੀ ਅਤੇ ਹਿੰਦੂਆਂ ਨੂੰ ਹਿੰਸਕ ਕਹਿ ਕੇ ਹਿੰਦੂ ਵਿਰੋਧੀ ਹੋਣ ਦਾ ਸਬੂਤ ਦਿੱਤਾ ਹੈ ਅਤੇ ਰਾਹੁਲ ਗਾਂਧੀ ਨੇ ਪਹਿਲਾ ਵੀ ਕਈ ਵਾਰ ਮੁਸਲਿਮ ਵੋਟ ਬੈਂਕ ਦੀ ਖਾਤਰ ਹਿੰਦੂਆਂ ਦੇ ਧਰਮ ਸਥਾਨਾਂ ਨੂੰ ਟਾਰਗੇਟ ਕੀਤਾ ਹੈ। ਜਿਸ ਨਾਲ ਪੂਰੇ ਹਿੰਦੂ ਸਮਾਜ ਵਿਚ ਭਾਰੀ ਰੋਸ ਦੀ ਲਹਿਰ ਹੈ। ਉਨ੍ਹਾਂ ਕਿਹਾ ਕਿ ਚੋਣਾਂ ਦਰਮਿਆਨ ਤਾਂ ਰਾਹੁਲ ਗਾਂਧੀ ਗਲੇ ਵਿਚ ਜਨੇਊ ਪਾ ਕੇ ਅਤੇ ਮੱਥੇ ਤੇ ਤਿਲਕ ਲਗਾ ਕੇ ਮੰਦਰਾਂ ਵਿਚ ਆਪਣੇ ਜਿੱਤ ਦੀ ਕਾਮਨਾ ਲਈ ਮੱਥੇ ਟੇਕਦੇ ਹਨ ਤੇ ਹੁਣ ਸੰਸਦ ਬਣਨ ਤੋਂ ਬਾਅਦ ਰਾਹੁਲ ਗਾਂਧੀ ਦਾ ਹਿੰਦੂ ਵਿਰੋਧੀ ਚੇਹਰਾ ਸਾਮ੍ਹਣੇ ਆ ਗਿਆ ਹੈ, ਜਿਸਨੂੰ ਹਿੰਦੂ ਸੰਯੁਕਤ ਮੋਰਚਾ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕਰੇਗਾ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਦਾ ਡੀਐਨਏ ਟੈਸਟ ਕਰਵਾਇਆ ਜਾਵੇ। ਤਾਂ ਜੋ ਪਤਾ ਲੱਗ ਸਕੇ ਕਿ ਇਸਦਾ ਪਿਛੋਕੜ ਹਿੰਦੂ ਸੀ ਕਿ ਨਹੀਂ।



ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਵਲੋਂ ਹਿੰਦੂਆਂ ਖਿਲਾਫ ਕੀਤੀਆਂ ਜਾ ਰਹੀਆਂ ਟਿੱਪਣੀਆਂ ਨੂੰ ਦੇਖਦੇ ਹੋਏ ਹਿੰਦੂ ਸੰਯੁਕਤ ਮੋਰਚਾ ਹਿੰਦੂ ਸਮਾਜ ਨੂੰ ਅਪੀਲ ਕਰਦਾ ਹੈ ਕਿ ਉਹ ਆਉਣ ਵਾਲੇ ਦੇਸ਼ ਦੇ ਚੋਣਾਂ ਵਿਚ ਕਾਂਗਰਸ ਪਾਰਟੀ ਦਾ ਬਾਈਕਾਟ ਕਰੇ ਅਤੇ ਜੇਕਰ ਰਾਹੁਲ ਗਾਂਧੀ ਨੇ ਜਲਦ ਤੋਂ ਜਲਦ ਸੰਸਦ ਵਿਚ ਆ ਕੇ ਹਿੰਦੂ ਸਮਾਜ ਤੋਂ ਮੁਆਫ਼ੀ ਨਾ ਮੰਗੀ ਤਾਂ ਪੂਰੇ ਪੰਜਾਬ ਵਿਚ ਰਾਹੁਲ ਗਾਂਧੀ ਦੇ ਪੁਤਲੇ ਫੂਕੇ ਜਾਣਗੇ।

# SGST ਨੇ ਛਾਪਾ ਮਾਰ ਕੇ ਕਾਨਪੁਰ ਦੀ ਰੀਅਲ ਅਸਟੇਟ ਕੰਪਨੀ ਤੋਂ 1 ਕਰੋੜ 3 ਲੱਖ ਰੁਪਏ ਬਰਾਮਦ ਕੀਤੇ ਹਨ

ਕਾਨਪੁਰ (ਸੁਨੀਲ ਬਾਜਪਾਈ) ਇੱਥੋਂ ਦੇ ਕਈ ਉਦਯੋਗਪਤੀ ਕਾਰੋਬਾਰੀ ਟੈਕਸ ਚੋਰੀ ਵਿੱਚ ਸਿਖਰ 'ਤੇ ਹਨ। ਐਸ ਜੀਐਸਟੀ ਟੀਮ ਨੇ ਅਜਿਹੀ ਹੀ ਇੱਕ ਰੀਅਲ ਅਸਟੇਟ ਕੰਪਨੀ ਤੇ ਵੀ ਛਾਪਾ ਮਾਰ ਕੇ 1 ਕਰੋੜ 3 ਲੱਖ ਰੁਪਏ ਬਰਾਮਦ ਕੀਤੇ ਹਨ।

ਟੀਮ ਨੇ ਮੰਗਲਵਾਰ ਦੇਰ ਰਾਤ ਰੀਅਲ ਅਸਟੇਟ ਕੰਪਨੀ ਦੇ ਵੱਖ-ਵੱਖ ਟਿਕਾਣਿਆਂ ਤੇ ਛਾਪੇਮਾਰੀ ਕੀਤੀ। ਦੇਰ ਰਾਤ ਤੱਕ ਚੱਲੇ ਇਸ ਆਪ੍ਰੇਸ਼ਨ ਚ ਵੱਡੇ ਪੱਧਰ ਤੇ ਵਿੱਤੀ ਬੇਨਿਯਮੀਆਂ ਅਤੇ ਟੈਕਸ ਚੋਰੀ ਦਾ ਖੁਲਾਸਾ ਹੋਇਆ।

ਇਸ ਦੌਰਾਨ ਬੀਤੇ ਦਿਨ ਹੋਈ ਚੋਰੀ ਦੇ ਮਾਮਲੇ ਵਿੱਚ ਕੰਪਨੀ ਦੇ ਡਾਇਰੈਕਟਰ ਕੋਲੋਂ 1 ਕਰੋੜ 3 ਲੱਖ ਰੁਪਏ ਬਰਾਮਦ ਕੀਤੇ ਗਏ ਹਨ।

ਸੂਤਰਾਂ ਨੇ ਦੱਸਿਆ ਕਿ ਐਸਜੀਐਸਟੀ ਨੂੰ ਰੀਅਲ ਅਸਟੇਟ ਕਾਰੋਬਾਰ ਨਾਲ ਜੁੜੀ ਗਰੇਸ ਲੈਂਡ ਡਿਵੈਲਪਰ ਪ੍ਰਾਈਵੇਟ ਲਿਮਟਿਡ ਤੇ ਵਿੱਤੀ ਗਬਨ ਅਤੇ ਟੈਕਸ ਚੋਰੀ ਦੀਆਂ ਸ਼ਿਕਾਇਤਾਂ ਮਿਲ ਰਹੀਆਂ ਸਨ। ਜਿਸ ਦੇ ਆਧਾਰ ਤੇ ਪ੍ਰਮਾਣਿਕਤਾ ਦੀ ਜਾਂਚ ਲਈ ਸੰਯੁਕਤ ਕਮਿਸ਼ਨਰ ਐਸਆਈਬੀ ਸ਼ਿਵਿਕਾ ਸਿੰਘ ਦੀ ਅਗਵਾਈ ਹੇਠ ਵਿਭਾਗ ਦੀਆਂ ਦੋ ਟੀਮਾਂ ਨੇ ਸਿਵਲ ਲਾਈਨ ਵਿਖੇ ਕੰਪਨੀ ਦੇ ਮੁੱਖ ਦਫ਼ਤਰ ਅਤੇ ਬਰਾੜਾ ਵਿਖੇ ਚੱਲ ਰਹੇ ਪ੍ਰੋਜੈਕਟ ਤੇ ਛਾਪਾ ਮਾਰਿਆ। ਦੱਸਿਆ ਗਿਆ ਕਿ ਇਸ ਮਾਮਲੇ ਦੀ ਜਾਂਚ ਜਾਰੀ ਹੈ। ਨਾਲ ਹੀ ਹੁਣ ਤੱਕ 1 ਕਰੋੜ 3 ਲੱਖ ਰੁਪਏ ਦੀ ਵਸੂਲੀ ਕੀਤੀ ਜਾ ਚੁੱਕੀ ਹੈ।

# ਲੁਧਿਆਣਾ ਦੀ ਕ੍ਰਾਈਮ ਬ੍ਰਾਂਚ ਇੱਕ ਦੀ ਪੁਲਿਸ ਟੀਮ ਵੱਲੋ ਇੱਕ ਦੋਸੀ ਕੋਲੋ 268 ਗ੍ਰਾਮ ਹੈਰੋਇਨ ਕੀਤੀ ਬਰਾਮਦ

ਲੁਧਿਆਣਾ (ਵਰਿੰਦਰ ਪ੍ਰਕਾਸ਼ ਭਾਂਬਰੀ )ਲੁਧਿਆਣਾ ਪੁਲਿਸ ਕਮਿਸ਼ਨਰ ਸ਼੍ਰੀ ਕੁਲਦੀਪ ਸਿੰਘ ਚਾਹਲ ਆਈ.ਪੀ.ਐਸ,ਡਿਪਟੀ ਕਮਿਸ਼ਨਰ ਸ਼੍ਰੀ ਜਸਕਰਨ ਸਿੰਘ ਬਰਾੜ ਪੀ.ਪੀ.ਐਸ ਪੁਲਿਸ ਇੰਨਵੈਸਟੀਗੇਸ਼ਨ ਲੁਧਿਆਣਾ,ਸ਼੍ਰੀ ਰਾਜ ਕੁਮਾਰ ਪੀ.ਪੀ.ਐਸ ਸਹਾਇਕ ਕਮਿਸ਼ਨਰ ਪੁਲਿਸ ਡਿਟੈਕਟਿਵ-1 ਲੁਧਿਆਣਾ ਦੀ ਅਗਵਾਈ ਹੇਠ ਪੰਜਾਬ ਸਰਕਾਰ ਅਤੇ ਪੁਲਿਸ ਵਿਭਾਗ ਵੱਲੋ ਨਸ਼ਿਆ ਦੇ ਖਿਲਾਫ ਚਲਾਈ ਜਾ ਰਹੀ ਮੁਹਿੰਮ ਤਹਿਤ ਇੰਚਾਰਜ ਕ੍ਰਾਇਮ ਬ੍ਰਾਂਚ-1 ਲੁਧਿਆਣਾ ਦੀ ਪੁਲਿਸ ਟੀਮ ਨੇ ਮੁਖਬਰੀ ਦੇ ਅਧਾਰ ਤੇ ਦੋਸੀ ਜਸਵੀਰ ਸਿੰਘ ਉਰਫ਼ ਜਸਵੀਰ ਚੰਦ ਉਰਫ਼ ਬਿੱਟੂ ਪੁੱਤਰ ਲਾਲ ਚੰਦ ਵਾਸੀ ਪਿੰਡ ਚੌਂਤਾ ਥਾਣਾ ਕੂੰਮ ਕਲਾਂ ਲੁਧਿਆਣਾ ਦੇ ਖਿਲਾਫ ਮੁਕੱਦਮਾ ਨੰਬਰ 68 ਮਿਤੀ 29-6-2024 ਅ/ਧ 213/61/85 NDPS 13" ਥਾਣਾ ਕੂੰਮ ਕਲਾਂ ਲੁਧਿਆਣਾ ਦਰਜ ਰਜਿਸਟਰ ਕਰਕੇ ਦੋਸ਼ੀ ਜਸਵੀਰ ਸਿੰਘ ਉਰਫ ਜਸਵੀਰ ਚੰਦ ਉਰਫ ਬਿੱਟੂ ਨੂੰ ਪਿੰਡ ਚੌਂਤਾ ਨੇੜੇ ਗਿੱਲ ਟਰੈਵਲਜ ਵੈਸਟਰਨ ਯੂਨੀਅਨ ਤੋਂ ਕਾਬੂ ਕਰ ਕੇ ਉਸ ਕੋਲੋ 268 ਗ੍ਰਾਮ ਹੈਰੋਇਨ, 25 ਛੋਟੀਆ ਮੋਮੀ ਲਿਫਾਫੀਆ ਅਤੇ ਇਕ ਪਿੱਠੂ ਬੈਗਕੀਤਾ ਬਰਾਮਦ ਤੇ ਬਾਅਦ ਵਿੱਚ ਪੁੱਛਗਿੱਛ ਦੌਰਾਨ ਮੁਕਦਮਾ ਹਸਬ ਜਾਬਤਾ ਕੀਤਾ ਗ੍ਰਿਫਤਾਰ। ਦੋਸ਼ੀ ਪੁਲਿਸ ਰਿਮਾਂਡ ਤੇ ਹੈ ਜਿਸ ਪਾਸੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।



# ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਅਤੇ ਐਸ.ਐਸ.ਪੀ ਸਰਤਾਜ ਸਿੰਘ ਚਾਹਲ ਵੱਲੋਂ ਲੋਕ ਸੁਵਿਧਾ ਕੈਂਪ ਦੌਰਾਨ ਲੋਕਾਂ ਦੀਆਂ ਸਿਕਾਇਤਾਂ ਦਾ ਮੌਕੇ ਤੇ ਹੀ ਨਿਪਟਾਰਾ

## ਜਿਲ੍ਹੇ ਦੇ ਸ਼ਹਿਰੀ ਤੇ ਦਿਹਾਤੀ ਖੇਤਰਾਂ ਵਿੱਚ ਹਰ ਹ.ਫਤੇ ਲੱਗਣਗੇ ਅਜਿਹੇ ਲੋਕ ਪੱਖੀ ਕੈਂਪ: ਜਤਿੰਦਰ ਜੋਰਵਾਲ

ਸ਼ੇਰਪੁਰ:(ਸੱਤਪਾਲ ਸਿੰਘ ਕਾਲਾਬੂਲਾ )
ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਏ ਜਾ ਰਹੇ ਲੋਕ ਸੁਵਿਧਾ ਕੈਂਪ, ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨਜ਼ਦੀਕ ਜਾ ਕੇ ਨਾਗਰਿਕ ਕੇਂਦਰਿਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਲਾਹੇਵੰਦ ਸਾਬਤ ਹੋ ਰਹੇ ਹਨ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਅੱਜ ਜਿਲ੍ਹਾ ਪੁਲਿਸ ਮੁਖੀ ਸਰਤਾਜ ਸਿੰਘ ਚਾਹਲ ਸਮੇਤ ਧੂਰੀ ਨੇੜਲੇ ਪਿੰਡ ਭਲਵਾਨ ਵਿਖੇ ਆਯੋਜਿਤ ਲੋਕ ਸੁਵਿਧਾ ਕੈਂਪ ਦਾ ਜਾਇਜ਼ਾ ਲੈਂਦਿਆਂ ਕੀਤਾ।
ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰਸ਼ਾਸਨ ਤੇ ਪੁਲਿਸ ਦੇ ਅਧਿਕਾਰੀ ਤੇ ਅਮਲਾ ਖੁਦ ਦਿਹਾਤੀ ਤੇ ਸ਼ਹਿਰੀ ਖੇਤਰਾਂ ਵਿੱਚ ਜਾ ਕੇ ਲੋਕਾਂ ਦੀਆਂ ਪ੍ਰਸ਼ਾਸਨਿਕ ਜ਼ਰੂਰਤਾਂ ਨੂੰ ਪੂਰਾ ਕਰ ਰਿਹਾ ਹੈ ਤਾਂ ਜ਼ੋ ਨਾਗਰਿਕਾਂ ਨੂੰ ਸਰਕਾਰੀ ਦ.ਫਤਰਾਂ ਵਿਖੇ ਆਉਣ—ਜਾਣ ਵਿੱਚ ਆਪਣਾ ਸਮਾਂ ਤੇ ਧਨ ਨਸ਼ਟ ਨਾ ਕਰਨਾ ਪਵੇ।
ਇਸ ਮੌਕੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਅਤੇ ਐਸ.ਐਸ.ਪੀ ਸਰਤਾਜ ਸਿੰਘ ਚਾਹਲ ਨੇ ਕੈਂਪ ਦੌਰਾਨ ਲਗਭਗ 3 ਘੰਟੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਮੌਕੇ ਤੇ ਹੀ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਬੰਧਤ ਸਮੱਸਿਆਵਾਂ ਦੇ ਤਰਜੀਹੀ ਆਧਾਰ ਤੇ ਯੋਗ ਨਿਪਟਾਰੇ ਦੇ ਆਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੋਕ ਪੱਖੀ ਸੋਚ ਨੂੰ ਜਿਲ੍ਹੇ ਵਿੱਚ ਇੰਨ ਬਿੰਨ ਲਾਗੂ ਕਰਦੇ ਹੋਏ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਕਿਸੇ ਵੀ ਨਾਗਰਿਕ ਨੂੰ ਆਪਣੇ ਕੰਮਕਾਰ ਕਰਵਾਉਣ ਵਿੱਚ ਵਿਭਾਗੀ ਪੱਧਰ ਤੇ ਕਿਸੇ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਪੱਧਰ ਤੇ ਲੋਕਾਂ ਕੋਲੋਂ ਕੰਮ ਦੇ ਇਵਜ਼ ਵਿੱਚ ਰਿਸ਼ਵਤ ਦੀ ਮੰਗ ਕੀਤੀ ਜਾਂਦੀ ਹੈ ਤਾਂ ਫੌਰੀ ਮਾਮਲਾ ਧਿਆਨ ਵਿੱਚ ਲਿਆਂਦਾ ਜਾਵੇ।
ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਸਰਗਰਮ ਯਤਨ ਕੀਤੇ ਜਾ ਰਹੇ ਹਨ ਜਿਸ ਵਿੱਚ ਲੋਕਾਂ ਦੇ ਸਹਿਯੋਗ ਦੀ ਵੀ ਬਹੁਤ ਲੋੜ ਹੈ। ਉਨ੍ਹਾਂ ਕਿਹਾ ਕਿ




ਮਾਪੇ ਪੂਰੀ ਗੰਭੀਰਤਾ ਨਾਲ ਆਪਣੇ ਬੱਚਿਆਂ ਦੀ ਨਿਗਰਾਨੀ ਕਰਨ ਅਤੇ ਜੇਕਰ ਕਿਸੇ ਦੇ ਪਰਿਵਾਰ, ਰਿਸ਼ਤੇਦਾਰੀ ਜਾਂ ਆਲੇ ਦੁਆਲੇ ਕੋਈ ਵੀ ਵਿਅਕਤੀ ਨਸ਼ਿਆਂ ਦੀ ਆਦਤ ਵਿੱਚ ਫਸਿਆ ਪਾਇਆ ਜਾਂਦਾ ਹੈ ਤਾਂ ਉਸ ਨੂੰ ਸਰਕਾਰੀ ਨਸ਼ਾ ਮੁਕਤੀ ਕੇਂਦਰ ਵਿੱਚ ਜ਼ਰੂਰ ਦਾਖਲ ਕਰਵਾਇਆ ਜਾਵੇ ਤਾਂ ਜੋ ਉਸ ਦਾ ਮੁ.ਫਤ ਅਤੇ ਸਹੀ ਇਲਾਜ ਹੋ ਸਕੇ ਅਤੇ ਤੰਦਰੁਸਤ ਹੋ ਕੇ ਸਮਾਜ ਵਿੱਚ ਇੱਕ ਚੰਗੇ ਨਾਗਰਿਕ ਵਜੋਂ ਜੀਵਨ ਗੁਜ਼ਾਰ ਸਕੇ।ਉਨ੍ਹਾਂ ਕਿਹਾ ਕਿ ਨਸ਼ਾ ਕਰਨਾ ਇੱਕ ਰੋਗ ਹੈ ਜਿਸ ਦਾ ਇਲਾਜ ਸੰਭਵ ਹੈ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਕਿਸੇ ਵੀ ਏਰੀਏ ਵਿੱਚ ਕੋਈ ਨਸ਼ਾ ਤਸਕਰ ਸਰਗਰਮ ਹੈ ਤਾਂ ਉਸ ਬਾਰੇ ਪੁਲਿਸ ਪ੍ਰਸ਼ਾਸਨ ਨੂੰ ਸੂਚਨਾ ਦਿੱਤੀ ਜਾਵੇ ਅਤੇ ਸੂਚਨਾ ਦੇਣ ਵਾਲੇ ਦਾ ਨਾਮ ਤੇ ਪਤਾ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਵੇਗਾ।
ਇਸ ਮੌਕੇ ਪਿੰਡ ਭਲਵਾਨ, ਭੋਜ਼ੋਵਾਲੀ, ਪਲਾਸੌਰ ਆਦਿ ਪਿੰਡਾਂ ਦੇ ਨਿਵਾਸੀਆਂ ਨੇ ਪੰਜਾਬ ਸਰਕਾਰ ਦੁਆਰਾ ਲਗਵਾਏ ਗਏ ਇਸ ਕੈਂਪ ਨੂੰ ਵਰਦਾਨ ਦੱਸਿਆ ਅਤੇ ਸਰਕਾਰ ਤੇ ਪ੍ਰਸ਼ਾਸਨ ਦਾ ਧੰਨਵਾਦ ਕੀਤਾ।
ਇਸ ਮੌਕੇ ਸਹਾਇਕ ਕਮਿਸ਼ਨਰ ਅੰਡਰ ਟ੍ਰੇਨਿੰਗ ਡਾ. ਆਦਿਤਿਆ ਸ਼ਰਮਾ, ਚੇਅਰਮੈਨ ਗਊ ਸੇਵਾ ਕਮਿਸ਼ਨ ਅਸ਼ੋਕ ਕੁਮਾਰ ਲੱਖਾ, ਐਸਂ.ਡੀ.ਐਮ ਭਵਾਨੀਗੜ੍ਹ ਵਿਨੀਤ ਕੁਮਾਰ, ਡੀ.ਐਸ.ਪੀ ਤਲਵਿੰਦਰ ਸਿੰਘ, ਤਹਿਸੀਲਦਾਰ ਦਿਵਿਆ ਸਿੰਗਲਾ, ਬੀ.ਡੀ.ਪੀ.ਓ ਪਰਦੀਪ ਕੁਮਾਰ ਆਦਿ ਵੀ ਹਾਜ਼ਰ ਸਨ।

# ਕਿਸਾਨਾਂ ਤੇ ਸਿੱਧੂ ਮੂਸੇਵਾਲੇ ਦੇ ਕਤਲ ਮਾਮਲੇ ਨੂੰ ਲੈ ਕੇ ਲੋਕ ਸਭਾ ਵਿੱਚ ਗਰਜਿਆ ਰਾਜਾ ਵੜਿੰਗ: ਜਸਮੇਲ ਬੜੀ/ ਜਸਵੀਰ ਖੇੜੀ

## ਸੋਸ਼ਲ ਮੀਡੀਆ ਤੇ ਪੰਜਾਬ ਦੇ ਚੁੱਕੇ ਲੋਕ ਮੁੱਦਿਆਂ ਦੀ ਭਾਰੀ ਚਰਚਾ

ਸੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਲੋਕ ਸਭਾ ਹਲਕਾ ਲੁਧਿਆਣਾ ਤੋਂ ਵੱਡੀ ਮਾਰਜ ਨਾਲ ਜਿੱਤ ਕੇ ਮੈਂਬਰ ਪਾਰਲੀਮੈਂਟ ਬਣੇ ਕਾਂਗਰਸ ਪਾਰਟੀ ਦੇ ਸੂਬਾ ਪ੍ਰਧਾਨ ਰਾਜਾ ਵੜਿੰਗ ਵੱਲੋਂ ਵਿਸ਼ਵ ਭਰ ਵਿੱਚ ਛਾਏ ਲੋਕ ਗਾਇਕ ਸਿੱਧੂ ਮੂਸੇਵਾਲੇ ਦੇ ਕਤਲ ਮਾਮਲੇ ਵਿੱਚ ਪਰਿਵਾਰ ਨੂੰ ਇਨਸਾਫ ਦਬਾਉਣ ਅਤੇ ਕਿਸਾਨਾਂ ਦੇ ਹੱਕ ਵਿੱਚ ਲੋਕ ਸਭਾ ਅੰਦਰ ਸ਼ੇਰ ਵਾਂਗ ਗਰਜੇ।ਜਿਸ ਦੀ ਸੋਸ਼ਲ ਮੀਡੀਆ ਉੱਪਰ ਵੀ ਕਾਫੀ ਚਰਚਾ ਹੋ ਰਹੀ ਹੈ।
ਇਹ ਵਿਚਾਰ ਕਾਂਗਰਸ ਪਾਰਟੀ ਦੇ ਬਲਾਕ ਪ੍ਰਧਾਨ ਜਸਮੇਲ ਸਿੰਘ ਬੜੀ ਅਤੇ ਸੀਨੀਅਰ ਕਾਂਗਰਸੀ ਆਗੂ ਐਡਵੋਕੇਟ ਜਸਬੀਰ ਸਿੰਘ ਖੇੜੀ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਾਂਝੇ ਕੀਤੇ।ਉਹਨਾਂ ਦੱਸਿਆ ਕਿ
ਕਾਂਗਰਸ ਪਾਰਟੀ ਦੇ ਨਿਧੱੜਕ ਜਰਨੈਲ ਵੱਲੋਂ ਪਹਿਲੀ ਵਾਰ ਲੋਕ ਸਭਾ ਵਿੱਚ ਸਿੱਧੂ ਮੂਸੇ ਵਾਲੇ ਦੇ ਕਤਲ ਦਾ ਮਾਮਲਾ ਤੇ ਬੋਲਦਿਆਂ ਕਿਹਾ ਕਿ ਇਸ ਨੌਜਵਾਨ ਨੇ ਛੋਟੀ ਉਮਰ ਵਿੱਚ ਹੀ ਵੱਡਾ ਨਾਮਣਾ ਖੱਟ ਲਿਆ ਸੀ ਪਰੰਤੂ ਉਸ ਨੂੰ ਸਰੇਆਮ ਗੋਲੀਆਂ ਦਾ ਸਕਾਰ ਬਣਾ ਦਿੱਤਾ। ਪਰ ਬੜੇ ਦੁੱਖ ਦੀ ਗੱਲ ਹੈ ਕਿ ਸਾਡੀ ਲਾਅ ਐਂਡ ਆਰਡਰ ਦੀ ਸਥਿਤੀ ਕਮਜ਼ੋਰ ਕਰਕੇ ਅੱਜ ਇੱਕ ਮਾਂ ਨੇ ਆਪਣਾ ਨੌਜਵਾਨ ਪੁੱਤਰ ਸਦਾ ਲਈ ਖੋਲਿਆ।ਜਿਸ ਪਰਿਵਾਰ ਨੂੰ ਅਜੇ ਤੱਕ ਇਨਸਾਫ ਨਹੀਂ ਮਿਲ ਸਕਿਆ।
ਰਾਜਾ ਵੜਿੰਗ ਨੇ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਸਾਡਾ ਅੰਨਦਾਤਾ ਕਿਸਾਨ ਜਦੋਂ ਆਪਣੇ ਹੱਕਾਂ ਤੇ ਹਿੱਤਾਂ ਲਈ ਦਿੱਲੀ ਵੱਲ ਕੂਚ ਕਰਦਾ ਹੈ ਤਾਂ ਨਾਲ ਲੱਗਦੇ ਸੂਬੇ ਵੱਲੋਂ ਕੇਂਦਰ ਸਰਕਾਰ ਦੇ ਇਸ਼ਾਰੇ ਉੱਪਰ ਉਹਨਾਂ ਨੂੰ ਦਿੱਲੀ ਅੰਦਰ ਜਾਣ ਤੋਂ ਰੋਕਿਆ ਹੀ ਨਹੀਂ ਜਾਂਦਾ ਸਗੋਂ ਉਹਨਾਂ ਨਾਲ ਮਿਤਰੀਆਂ ਮਾਵਾਂ ਵਾਲਾ ਸਲੂਕ ਕਰਦੇ ਹੋਏ ਗੋਲੀਆਂ ਤੱਕ ਦਾ ਸਿਕਾਰ ਬਣਾ ਦਿੱਤਾ ਜਾਂਦਾ ਹੈ।ਜਦੋਂ ਕਿ ਫਸਲਾਂ ਉੱਪਰ ਐਮਐਸਪੀ ਦੇਣਾ ਸਰਕਾਰ ਦਾ ਪਹਿਲਾ ਫਰਜ ਹੈ।
ਉਨਾਂ ਲੁਧਿਆਣਾ ਵਿੱਚ ਸਾਇਕਲ ਇੰਡਸਟਰੀ ਦੀ ਵੀ ਗੱਲ ਕੀਤੀ ਜੋ ਦਿਨੋ ਦਿਨ ਖਤਮ ਹੋ ਰਹੀ ਹੈ।ਉਹਨਾਂ ਪੰਜਾਬ ਦੇ ਹੋਰ ਭੱਖਦੇ ਮਸਲਿਆਂ ਉੱਤੇ ਵੀ ਸਵਾਲ ਚੁੱਕੇ।ਆਗੂਆਂ ਨੇ ਕਿਹਾ ਹੈ ਕਿ ਸਾਨੂੰ ਪੂਰਾ ਮਾਣ ਹੈ ਕਿ ਵੜਿੰਗ






ਸਾਹਿਬ ਹਮੇਸ਼ਾ ਹੀ ਲੋਕ ਸਭਾ ਵਿੱਚ ਪੰਜਾਬ ਨਾਲ ਹੋ ਰਹੀਆਂ ਧੱਕੇਸ਼ਾਹੀਆਂ ਖਿਲਾਫ ਆਪਣਾ ਸਟੈਂਡ ਸਖਤ
ਰੱਖਦੇ ਹੋਏ ਪੰਜਾਬ ਦੇ ਹੱਕਾਂ ਦੀ ਗੱਲ ਕਰਦੇ ਰਹਿਣਗੇ। ਇਸ ਮੌਕੇ ਕਾਂਗਰਸ ਪਾਰਟੀ ਦੇ ਨੌਜਵਾਨ ਆਗੂ ਪ੍ਰਗਟ ਪ੍ਰੀਤ ਸ਼ੇਰਪੁਰ, ਇੰਦਰਜੀਤ ਸਿੰਘ ਬੜੀ,ਬਹਾਦਰ ਸਿੰਘ ਢੰਡਾ,ਮਾਸਟਰ ਗੁਰਨਾਮ ਸਿੰਘ,ਜਗਰੂਪ ਸਿੰਘ ਮਾਹਮਦਪੁਰ,ਦਾਰਾ ਸਿੰਘ ਕਾਲਾਬੂਲਾ ਆਦਿ ਆਗੂ ਹਾਜ਼ਰ ਸਨ।

# ਮਜ਼ਦੂਰਾਂ ਵੱਲੋਂ ਨਵੇਂ ਫੌਜਦਾਰੀ ਕਨੂੰਨਾਂ ਤੇ ਨੋਟੀਫਿਕੇਸ਼ਨਾਂ ਦੀਆਂ ਕਾਪੀਆਂ ਸਾੜ ਕੇ ਕੀਤਾ ਪ੍ਰਦਰਸ਼ਨ

## ਅੰਗਰੇਜ਼ਾਂ ਵੇਲੇ ਬਣਾਏ ਕਾਨੂੰਨਾਂ ਤੋਂ ਵੀ ਵੱਧ ਖਤਰਨਾਕ ਹਨ ਇਹ ਕਾਨੂੰਨ:ਸ਼ੇਰ ਸਿੰਘ ਫਰਵਾਹੀ

ਸ਼ੇਰਪੁਰ(ਸੱਤਪਾਲ ਸਿੰਘ ਕਾਲਾਬੂਲਾ ) ਮਨਰੇਗਾ ਮਜ਼ਦੂਰ ਯੂਨੀਅਨ ਸੀਟੂ ਵੱਲੋਂ ਕੇਂਦਰ ਸਰਕਾਰ ਅੱਜ । ਬੀਡੀਪੀਓ ਬਲਾਕ ਸ਼ੇਰਪੁਰ ਦੇ ਮੁੱਖ ਗੇਟ ਅੱਗੇ ਨਵੇਂ ਫੌਜਦਾਰੀ ਕਾਨੂੰਨਾਂ ਦੇ ਨੋਟੀਫਿਕੇਸ਼ਨ ਅਤੇ ਕਾਨੂੰਨਾਂ ਦੀਆਂ ਕਾਪੀਆਂ ਸਾੜ ਕੇ ਨਾਅਰੇਬਾਜੀ ਕਰਕੇ ਸੀਟੂ ਵੱਲੋਂ ਵਿਰੋਧ ਪ੍ਰਦਰਸ਼ਨ ਕੀਤਾ ਗਿਆ ਅਤੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗ ਕੀਤੀ ਕਿ ਇਹਨਾਂ ਫੌਜਦਾਰੀ ਕਾਨੂੰਨਾਂ ਵਿਰੁੱਧ ਅਸੈਂਬਲੀ ਵਿੱਚ ਮਤਾ ਪਾਸ ਕਰਕੇ ਕੇਂਦਰੀ ਭਾਜਪਾ ਮੋਦੀ ਸਰਕਾਰ ਨੂੰ ਭੇਜਿਆ ਜਾਵੇ ਤਾਂ ਕਿ ਜਿੰਨਾਂ ਤੱਕ ਇਹਨਾਂ ਉੱਪਰ ਸੰਸਦ ਵਿੱਚ ਖੁੱਲ ਕੇ ਬਹਿਸ ਵਿਚਾਰਾਂ ਕਰਕੇ ਇਹਨਾਂ ਨੂੰ ਸੋਧਿਆ ਨਹੀਂ ਜਾਂਦਾ ਉਦੋਂ ਤੱਕ ਇਹਨਾਂ ਨੂੰ ਲਾਗੂ ਨਾ ਕੀਤਾ ਜਾਵੇ।

ਇਸ ਸਮੇਂ ਸੀਟੂ ਦੇ ਸੂਬਾ ਸਕੱਤਰ ਸਾਥੀ ਸ਼ੇਰ ਸਿੰਘ ਫਰਵਾਹੀ ਤੋਂ ਇਲਾਵਾ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ ਸੀਟੂ ਦੀ ਬਲਾਕ ਕਮੇਟੀ ਦੇ ਕਨਵੀਨਰ ਸਾਥੀ ਨਿਰਮਲ ਸਿੰਘ ਜਲੂਰ ਅਤੇ ਕੋ ਕਨਵੀਨਰ ਜਗਤਾਰ ਦੀਦਾਰਗੜ੍ਹ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਸਾਥੀ ਫਰਵਾਹੀ ਨੇ ਬੋਲਦਿਆਂ ਕਿਹਾ ਕਿ ਇਹ ਕਾਨੂੰਨ ਜੋ ਆਜ਼ਾਦੀ ਤੋਂ ਪਹਿਲਾਂ ਵਿਦੇਸ਼ੀ ਸਾਮਰਾਜੀ ਬਰਤਾਨਵੀ ਸਰਕਾਰ ਵੱਲੋਂ ਬਣਾਏ ਗਏ ਸਨ ,ਉਹਨਾਂ ਫੌਜਦਾਰੀ ਕਾਨੂੰਨਾਂ ਦੀ ਥਾਂ ਇਹ ਨਵੇਂ ਭਾਰਤੀ ਨਿਆਂ ਸਹਿੰਤਾ, ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ, ਭਾਰਤੀ ਸਹਿੰਤਾ ਤਿੰਨ ਕਾਨੂੰਨ ਲੈਣਗੇ ਜਿਨਾਂ ਨੂੰ ਲਾਗੂ ਕਰਨ ਲਈ ਪਹਿਲਾਂ ਹੀ ਨੋਟੀਫਿਕੇਸ਼ਨ ਕੇਂਦਰੀ ਭਾਜਪਾ (ਮੋਦੀ) ਸਰਕਾਰ ਵੱਲੋਂ ਜਾਰੀ ਕਰ ਦਿੱਤਾ ਸੀ। ਜਿਸ ਮੁਤਾਬਕ ਇਹ ਪਹਿਲੀ ਜੁਲਾਈ ਤੋਂ ਦੇਸ਼ ਅੰਦਰ ਲਾਗੂ ਹੋ ਰਹੇ ਹਨ। ਜਿਨਾ ਉੱਪਰ ਖੁੱਲ ਕੇ ਬਹਿਸ ਕਰਨ ਦੀ ਲੋੜ ਨਹੀਂ ਸਮਝੀ ਗਈ ਕਿਉਂਕਿ ਪਿਛਲੇ ਅਗਸਤ ਮਹੀਨੇ 17ਵੀਂ ਲੋਕ ਸਭਾ ਦੇ 146 ਸੰਸਦ ਮੈਂਬਰਾਂ ਨੂੰ ਤਾਨਾਸ਼ਾਹੀ ਤਹਿਤ ਸੰਸਦ ਤੋਂ ਮੁਅੱਤਲ ਜਾਂ ਬਰਖਾਸਤ ਕਰਕੇ ਬਾਹਰ ਕੱਢ ਦੇਣ ਉਪਰੰਤ ਇਹਨਾਂ ਨੂੰ ਬਿਨਾਂ ਵਿਚਾਰ ਵਟਾਂਦਰੇ ਕੀਤੇ ਇੱਕ ਪਾਸੜ ਰੂਪ ਚ ਪਾਸ ਕਰ ਦਿੱਤੇ ਸਨ ।ਇਹ ਕਾਨੂੰਨ ਅੰਗਰੇਜ਼ਾਂ ਵੱਲੋਂ ਪਹਿਲਾਂ ਬਣਾਏ ਗਏ ਕਨੂੰਨਾਂ ਤੋਂ ਵੀ ਵੱਧ ਜਾਬਰ ਤੇ ਜ਼ਾਲਮ ਸਿੱਧ ਹੋਣਗੇ।

ਉਹਨਾਂ ਅੱਗੇ ਦੱਸਿਆ ਕਿ ਇਹ ਕਾਨੂੰਨ ਜੋ ਇੱਕ ਸਧਾਰਨ ਵਿਅਕਤੀ ਪੁਲਿਸ ਮੁਲਾਜ਼ਮ ਨੂੰ ਕਿਸੇ ਤੇ ਵੀ ਐਫ.ਆਰ.ਆਈ. ਦਰਜ ਕਰਨ ਦਾ ਅਧਿਕਾਰ ਦਿੰਦੇ ਹਨ, ਜਿਸ ਰਾਹੀਂ ਕਿਸੇ ਵੀ ਵਿਅਕਤੀ ਨੂੰ ਮੁਲਜ਼ਮ ਬਣਾ ਕੇ 90 ਦਿਨਾਂ ਤੱਕ ਪੁਲਿਸ ਹਿਰਾਸਤ ਵਿੱਚ ਰੱਖਿਆ ਜਾ ਸਕਦਾ ਹੈ। ਜਦਕਿ ਪਹਿਲੇ ਕਾਨੂੰਨਾਂ ਮੁਤਾਬਕ 15 ਦਿਨਾਂ ਤੱਕ ਦਾ ਹੀ ਅਧਿਕਾਰ ਸੀ ਭਾਵੇਂ ਕਿ ਐਫ ਆਈ ਆਰ ਪਰਚਾ ਝੂਠਾ ਹੀ ਕਿਉਂ ਨਾ ਹੋਵੇ ਜਿਸ ਦੇ ਤਹਿਤ ਤਿੰਨ ਤੋਂ ਪੰਜ ਸਾਲ ਤੱਕ ਦੀ ਸਜ਼ਾ ਵੀ ਕੀਤੀ ਜਾ ਸਕਦੀ ਹੈ। ਬੇਕਸੂਰ ਹੋਣ ਦਾ ਸਬੂਤ ਪੀੜਤ ਮੁਲਜ਼ਮ ਨੂੰ ਹੀ ਦੇਣਾ ਪਵੇਗਾ। ਇਸ ਤਰ੍ਹਾਂ ਸਰਕਾਰ ਵਿਰੋਧੀ ਕਿਸੇ ਵੀ




ਆਵਾਜ਼ ਨੂੰ ਕੁਚਲਣ ਅਤੇ ਬੰਦ ਕਰਾਉਣ ਦਾ ਹਥਿਆਰ ਬਣ ਕੇ ਇਹ ਵਰਤਾਰਾ ਆਮ ਹੋ ਜਾਵੇਗਾ। ਜਿਸ ਕਾਰਨ ਰਾਜ ਪ੍ਰਬੰਧ ਕਾਨੂੰਨ ਦਾ ਰਾਜ ਨਾ ਰਹਿ ਕੇ ਪੁਲਿਸ ਰਾਜ ਵਿੱਚ ਬਦਲ ਜਾਏਗਾ। ਜਿਸ ਦੀ ਸਭ ਤੋਂ ਵੱਧ ਮਾਰ ਹੋਰ ਵਰਗਾਂ ਸਮੇਤ ਕਰੀਬ ਮਿਹਨਤਕਸ਼ ਸਮਾਜਿਕ ਆਰਥਿਕ ਤੌਰ ਤੇ ਲਿਤਾੜੇ ਪਛੜੇ ਲੋਕਾਂ ਤੇ ਹੀ ਪਏਗੀ। ਉਨਾਂ ਲੋਕਾਂ ਨੂੰ ਇਨਾ ਜਾਬਰ ਕਾਨੂੰਨਾਂ ਦੇ ਖਿਲਾਫ ਸਾਂਝੇ ਸੰਘਰਸ਼ ਚ ਸ਼ਾਮਿਲ ਹੋਣ ਦੀ ਅਪੀਲ ਵੀ ਕੀਤੀ ਇਸ ਸਮੇਂ ਮਲਕੀਤ ਸਿੰਘ, ਸਾਬਕਾ ਸਰਪੰਚ ਰਾਣੀ ਕੌਰ, ਬਲਜੀਤ ਕੌਰ ਚਰਨਜੀਤ ਕੌਰ,ਕਮਲਜੀਤ ਕੌਰ ,ਸਰਬਜੀਤ ਕੌਰ, ਰਾਜ ਕੌਰ ਖੇੜੀ, ਬਾਬੂ, ਅਮਰਜੀਤ, ਜਸਵਿੰਦਰ ਕੁਲਦੀਪ ਕੌਰ, ਸਵਰਨਜੀਤ ਕੌਰ ,ਰਣਦੀਪ ਕੌਰ ਅਮਨਦੀਪ ਕੌਰ ਈਸਾਪੁਰ ਝੰਡਾ ਵਗੈਰਾ ਵੀ ਹਾਜ਼ਰ ਸਨ।

# ਸ਼੍ਰੀ ਅਨੰਦਪੁਰ ਸਾਹਿਬ ਦੇ ਖਾਲਸਾ ਸਕੂਲ ਵਿਖੇ ਹੋਣ ਵਾਲੀ 68ਵੀਂ ਵਿਸ਼ਵ ਸਿੱਖ ਵਿਦਿਅਕ ਕਾਨਫਰੰਸ ਦੇ ਪ੍ਰਬੰਧਾਂ ਨੂੰ ਲੈ ਕੇ ਹੋਈ ਮੀਟਿੰਗ

ਸ਼੍ਰੀ ਅਨੰਦਪੁਰ ਸਾਹਿਬ (ਦਵਿੰਦਰਪਾਲ ਸਿੰਘ): ਚੀਫ ਖਾਲਸਾ ਦੀਵਾਨ ਵਲੋਂ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੀ ਸਾਰਿਆਂ ਤੋਂ ਪੁਰਾਣੀ ਵਿਦਿਅਕ ਸੰਸਥਾ ਐਸ ਜੀ ਐਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਇਸ ਸਾਲ ਦੇ ਨਵੰਬਰ ਦੇ ਅੰਤ ਵਿੱਚ ਕਰਵਾਈ ਜਾਣ ਵਾਲੀ ਤਿੰਨ ਰੋਜ਼ਾ 68ਵੀਂ ਵਿਸ਼ਵ ਸਿੱਖ ਵਿਦਿਅਕ ਕਾਨਫਰੰਸ ਦੇ ਅਗਾਊ ਪ੍ਰਬੰਧਾਂ ਨੂੰ ਲੈਕੇ ਸਮਾਗਮਾਂ ਦੀ ਰੂਪਰੇਖਾ ਲਈ ਚੀਫ ਖਾਲਸਾ ਦੀਵਾਨ ਵਿਦਿਅਕ ਸੁਸਾਇਟੀ ਦੇ ਡਾਇਰੈਕਟਰ ਸਿੱਖਿਆ ਡਾਕਟਰ ਏ ਪੀ ਐਸ ਚਾਵਲਾ ਅਤੇ ਸਹਾਇਕ ਡਾਇਰੈਕਟਰ ਕਿਰਨਪ੍ਰੀਤ ਕੌਰ ਧਾਮੀ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਮੀਟਿੰਗ ਸਕੂਲ ਕੈਂਪਸ ਵਿਖੇ ਹੋਈ। ਜਿਸ ਵਿੱਚ ਹੋਣ ਵਾਲੇ ਤਿੰਨ ਦਿਨਾਂ ਸਮਾਗਮਾਂ ਲਈ ਕਮੇਟੀਆਂ ਦਾ ਗਠਨ ਵੀ ਕੀਤਾ ਗਿਆ ਅਤੇ ਸਮਾਗਮ ਨੂੰ ਨੇਪਰੇ ਚਾੜਨ ਲਈ ਵੱਖ-ਵੱਖ ਸਕੂਲਾਂ ਤੋਂ ਆਏ ਸਕੂਲ ਮੁਖੀਆਂ ਅਤੇ ਦੀਵਾਨ ਨਾਲ ਜੁੜੀਆਂ ਸ਼ਖ਼ਸ਼ੀਅਤਾਂ ਤੋਂ ਸੁਝਾਅ ਵੀ ਲਏ ਗਏ। ਇਸ ਸਬੰਧੀ ਵਿਸ਼ਵ ਸਿੱਖ ਕਾਨਫਰੰਸ ਦੇ ਮੇਜ਼ਬਾਨ ਸਕੂਲ ਦੀ ਮੁੱਖੀ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਨੇ ਦੱਸਿਆ ਕਿ ਕਿ ਚੀਫ ਖਾਲਸਾ ਦੀਵਾਨ ਵੱਲੋਂ ਸ਼੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ ਨੂੰ 68ਵੀਂ ਵਿਸ਼ਵ ਸਿੱਖ ਵਿਦਿਅਕ ਕਾਨਫਰੰਸ ਲਈ ਚੁਣਿਆ ਗਿਆ ਹੈ।ਜਿਸ ਲਈ ਅਸੀਂ ਆਪਣੇ ਆਪ ਨੂੰ ਵਡਭਾਗੇ ਸਮਝ ਰਹੇ ਹਾਂ।ਇਸ ਕਾਨਫਰੰਸ ਵਿੱਚ ਦੁਨੀਆ ਭਰ



ਤੋਂ ਵਿਦਵਾਨ ਅਤੇ ਧਾਰਮਿਕ ਸ਼ਖ਼ਸ਼ੀਅਤਾਂ ਹਾਜ਼ਰੀ ਭਰਨਗੀਆਂ ਜੋ ਸਾਡੇ ਲਈ ਮਾਣ ਵਾਲੀ ਗੱਲ ਹੈ। ਉਹਨਾਂ ਕਿਹਾ ਕਿ ਸਮਾਗਮਾਂ ਦੌਰਾਨ ਚੀਫ ਖਾਲਸਾ ਦੀਵਾਨ ਵੱਲੋਂ ਸਦੀਆਂ ਤੋਂ ਵਿਦਿਅਕ ਅਤੇ ਹੋਰ ਖੇਤਰਾਂ ਵਿੱਚ ਕੀਤੇ ਜਾਣ ਵਾਲੇ ਕਾਰਜਾਂ ਦੀ ਇੱਕ ਪ੍ਰਦਰਸ਼ਨੀ ਲਗਾਈ ਜਾਵੇਗੀ। ਜੋ ਕਿ ਆਮ ਲੋਕਾਂ ਨੂੰ ਇਹਨਾਂ ਸੰਸਥਾਵਾਂ ਬਾਰੇ ਮੁਕੰਮਲ ਜਾਣਕਾਰੀ ਦੇਵੇਗੀ ਅਤੇ ਨਾਲ ਹੀ ਭਵਿੱਖ ਵਿੱਚ ਸਿੱਖ ਵਿਦਿਅਕ ਸੰਸਥਾਵਾਂ ਵਿੱਚ ਹੋਰ ਸੁਧਾਰਾਂ ਲਈ ਵਿਦਵਾਨਾਂ ਦੇ ਵਿਚਾਰ ਵੀ ਲਏ ਜਾਣਗੇ ਜੋ ਕਿ ਇਹਨਾ ਸੰਸਥਾਵਾਂ ਲਈ ਬਹੁਤ ਹੀ ਲਾਹੇਵੰਦ ਹੋਣਗੇ। ਪ੍ਰਿੰਸੀਪਲ ਵਾਲੀਆ ਨੇ ਅੱਗੇ ਦੱਸਿਆ ਕਿ ਵਿਸ਼ਵ ਸਿੱਖ ਵਿੱਦਿਅਕ ਕਾਨਫਰੰਸ ਦੌਰਾਨ ਸ੍ਰੀ ਅਨੰਦਪੁਰ ਸਾਹਿਬ ਵਿੱਚ ਕੱਢੇ ਜਾਣ ਵਾਲੇ ਨਗਰ ਕੀਰਤਨ ਦਾ ਰੂਟ, ਵਿਦਿਅਕ ਸੈਮੀਨਾਰ ਦੇ ਵਿਸ਼ੇ ਅਤੇ ਉਸ ਵਿਸ਼ੇ ਨਾਲ ਜੁੜੇ ਹੋਏ ਵਿਦਵਾਨਾ ਦੇ ਨਾਮ ਆਦਿ ਲਈ ਕਮੇਟੀਆਂ ਦਾ ਗਠਨ ਕਰ ਦਿੱਤਾ ਗਿਆ ਹੈ। ਇਸ ਤੋਂ ਬਾਅਦ ਸਮੂਹ ਟੀਮ ਵੱਲੋਂ ਸਕੂਲ ਕੈਂਪਸ ਦਾ ਦੌਰਾ ਵੀ ਕੀਤਾ ਗਿਆ। ਇਹ ਇਸ ਮੌਕੇ ਸਹਾਇਕ ਡਾਇਰੈਕਟਰ ਪ੍ਰਿੰਸੀਪਲ ਦਪਿੰਦਰ ਕੌਰ, ਪ੍ਰਿੰਸੀਪਲ ਰਿਪੁਦਮਨ ਕੌਰ, ਪ੍ਰਿੰਸੀਪਲ ਮਨੀਸ਼ਾ ਵਰਮਾ, ਪ੍ਰਿੰਸੀਪਲ ਗੁਰਪ੍ਰੀਤ ਰੋਹੇਵਾਲ, ਪ੍ਰਿੰਸੀਪਲ ਯਸ਼ਪ੍ਰੀਤ ਕੌਰ,ਓਂਕਾਰਦੀਪ ਕੌਰ, ਡਾਇਰੈਕਟਰ ਗੁਰਮਿੰਦਰ ਸਿੰਘ ਭੁੱਲਰ, ਐਡਵੋਕੇਟ ਪਾਖਰ ਸਿੰਘ ਭੱਠਲ, ਨੰਬਰਦਾਰ ਕੁਲਦੀਪ ਸਿੰਘ, ਗੁਰਿੰਦਰ ਸਿੰਘ ਕੰਦੋਲਾ,ਜਸਪ੍ਰੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸਕੂਲ ਮੁੱਖੀ ਤੇ ਚੀਫ ਖਾਲਸਾ ਦੀਵਾਨ ਨਾਲ ਜੁੜੀਆਂ ਸ਼ਖ਼ਸ਼ੀਅਤਾਂ ਹਾਜਰ ਸਨ।

# ਲੋਮੈਨ ਨੇ ਪੰਜਾਬ ਵਿੱਚ ਪਸਾਰੇ ਆਪਣੇ ਪੈਰ; ਅਬੋਹਰ ਵਿਖੇ ਖੋਲ੍ਹਿਆ ਪਹਿਲਾ ਸਟੋਰ

ਅਬੋਹਰ: (ਲੋਕ ਬਾਣੀ) ਕੇਵਲ ਕਿਰਨ ਕਲੋਥਿੰਗ ਲਿਮਿਟਡ (ਕੇਕੇਸੀਐਲ) ਦੇ ਪੁਰਸ਼ਾਂ ਲਈ ਕਿਫਾਇਤੀ ਤੇ ਲਗਜ਼ਰੀ ਬਰਾਂਡ ਲੋਮੈਨ ਨੇ ਪਟਿਆਲਾ ਦੇ ਮਾਰਕੀਟ ਵਿੱਚ ਆਪਣੇ ਪੈਰ ਮਜਬੂਤ ਕਰਨ ਦੀਆਂ ਯੋਜਨਾਵਾਂ ਨੂੰ ਅੱਜ ਸਾਂਝਾ ਕੀਤਾ। ਬਰਾਂਡ ਨੇ ਅਬੋਹਰ ਦੇ




ਦਿਲ ਵਿੱਚ ਆਪਣਾ ਸਟੋਰ ਖੋਲਿਆ ਹੈ। ਇਸਦੇ ਤਹਿਤ ਕੇਕੇਸੀਐਲ ਸ਼ਹਿਰ ਵਿੱਚ ਪੁਰਸ਼ਾਂ ਦੇ ਇੱਕ ਵੱਡੇ ਅਤੇ ਸ਼ਾਨਦਾਰ ਸਟੋਰ ਰਾਹੀਂ ਪ੍ਰਵੇਸ਼ ਕਰਨ ਤੋਂ ਬਾਅਦ ਹੁਣ ਇਸ ਵਿੱਤੀ ਬਾਰੇ ਦੇ ਅਖੀਰ ਤੱਕ ਪੰਜਾਬ ਭਰ ਵਿੱਚ 6 ਸਟੋਰ ਖੋਲਣ ਦੀ ਯੋਜਨਾ ਬਣਾ ਰਿਹਾ ਹੈ। ਕੇਕੇਸੀਐਲ ਵੱਲੋਂ ਤੇਜ਼ੀ ਨਾਲ ਆਪਣੀ ਯੋਜਨਾ ਨੂੰ ਅੱਗੇ ਵਧਾਉਣ ਪਿੱਛੇ ਅਹਿਮ ਕਾਰਨ ਪੰਜਾਬ ਅੰਦਰ ਪੁਰਸ਼ਾਂ ਵੱਲੋਂ ਸਮਾਰਟ, ਸਟਾਇਲਿਸ਼ ਅਤੇ ਆਰਾਮਦਾਇਕ ਕੱਪੜੇ ਪਾਉਣ ਦੇ ਸ਼ੌਕ ਨੂੰ ਦਰਸਾਉਂਦਾ ਹੈ।ਇਸ ਲੜੀ ਹੇਠ, ਗਊਸ਼ਾਲਾ ਰੋਡ, ਅਬੋਹਰ ਵਿਖੇ ਲੋਮੈਨ ਦੇ ਨਵੇਂ ਸਟੋਰ ਵਿੱਚ ਪੁਰਸ਼ਾਂ ਵਾਸਤੇ ਸ਼ਾਨਦਾਰ ਡਿਜ਼ਾਇਨ, ਨਵੇਂ ਜ਼ਮਾਨੇ ਦੇ ਫੈਬਰਿਕਸ, ਆਮ ਤੌਰ ਤੇ, ਕੰਮ ਕਾਜ ਦੌਰਾਨ ਅਤੇ ਪਾਰਟੀ ਮੌਕੇ ਪਾਏ ਜਾਣ ਵਾਲੇ ਬਿਹਤਰ ਕੱਪੜਿਆਂ ਦੀ ਲੋੜ ਨੂੰ ਪੂਰਾ ਕੀਤਾ ਜਾਵੇਗਾ। ਹਰ ਖਪਤਕਾਰ ਲਈ ਪਰਫੈਕਟ ਇਹ ਸਟੋਰ ਪੁਰਸ਼ਾਂ ਨੂੰ ਉਹਨਾਂ ਦੀ ਅਲਮਾਰੀ ਵਾਸਤੇ ਤਰ੍ਹਾਂ ਤਰ੍ਹਾਂ ਦੇ ਪਹਿਰਾਵੇ ਪੇਸ਼ ਕਰਦਾ ਹੈ, ਜਿੱਥੇ ਉਸ ਦੀਆਂ ਸਵੇਰ ਤੋਂ ਲੈ ਕੇ ਸ਼ਾਮ ਤੱਕ ਦੀਆਂ ਰੋਜ਼ਾਨਾ ਦੀਆਂ ਲੋੜਾਂ ਪੂਰੀਆਂ ਹੁੰਦੀਆਂ ਹਨ। ਸਟੋਰ ਵਿੱਚ ਕਈ ਤਰ੍ਹਾਂ ਦੇ ਕੱਪੜੇ ਜਿਨ੍ਹਾਂ ਵਿਚ ਸ਼ੋਰਟਸ, ਟੀ-ਸ਼ਰਟ, ਜੀਨ, ਕੈਜ਼ੂਅਲ ਸ਼ਰਟ, ਕੈਜ਼ੂਅਲ ਪੈਂਟਸ, ਕਾਰਗੋ ਅਤੇ ਟਰੈਵਲ ਪੈਂਟਾਂ ਉਪਲਬਧ ਹਨ। ਇਸ ਦੌਰਾਨ ਸਟੋਰ ਦਾ ਮਾਹੌਲ ਆਧੁਨਿਕ ਸਮਕਾਲੀ ਡਿਜਾਇਨ ਦੇ ਕੱਪੜਿਆਂ ਦੇ ਨਾਲ ਨਾਲ ਵਧੀਆ ਪਸੰਦ ਦੀ ਝਲਕ ਨੂੰ ਵੀ ਪੇਸ਼ ਕਰਦਾ ਹੈ ਅਤੇ ਇੱਥੇ ਪੂਰੀ ਤਰ੍ਹਾਂ ਨਾਲ ਸਿਖਲਾਈ ਪ੍ਰਾਪਤ ਸੇਲ ਐਸੋਸੀਏਟ ਮੁਸਕਰਾ ਕੇ ਗਾਹਕਾਂ ਦਾ ਸਵਾਗਤ ਕਰਦੇ ਹੋਏ, ਉਹਨਾਂ ਨੂੰ ਸ਼ਾਨਦਾਰ ਤਜਰਬਾ ਪ੍ਰਦਾਨ ਕਰਦੇ ਹਨ। ਲੋਕਾਂ ਨੂੰ ਸਟੋਰ ਦੇ ਉਦਘਾਟਨ ਮੌਕੇ ਸ਼ਾਨਦਾਰ ਆਫਰ ਪ੍ਰਾਪਤ ਕਰਨ ਲਈ ਗਊਸ਼ਾਲਾ ਰੋਡ, ਅਬੋਹਰ (ਨੇੜੇ ਸੁਖਮਨੀ ਹਸਪਤਾਲ) ਵਿਖੇ ਲੋਮੈਨ ਦੇ ਸਟੋਰ ਵਿੱਚ ਜ਼ਰੂਰ ਆਉਣਾ ਚਾਹੀਦਾ ਹੈ।

# ਮਾਮਲਾ ਕਿਸਾਨਾਂ ਵੱਲੋਂ ਲਾਡੋਵਾਲ ਟੋਲ ਪਲਾਜਾ ਤੇ ਧਰਨਾ ਲਗਾਉਣ ਦਾ

## ਹਾਈਕੋਰਟ ਨੇ ਜਨਰਲ ਅਟਾਰਨੀ ਨੂੰ 10 ਨੂੰ ਜਵਾਬ ਦੇਣ ਲਈ ਕਿਹਾ





ਲੁਧਿਆਣਾ (ਸੁਖਚੈਨ ਮਹਿਰਾ ) ਲੁਧਿਆਣਾ ਜਲੰਧਰ ਨੈਸ਼ਨਲ ਹਾਈਵੇਅ ਸਥਿਤ ਲਾਡੋਵਾਲ ਟੋਲ ਪਲਾਜਾ ਵਿਖੇ ਕਿਸਾਨ ਜਥੇਬੰਦੀਆਂ, ਵੱਖ-ਵੱਖ ਯੂਨੀਅਨਾਂ ਅਤੇ ਹੋਰ ਕਾਰਕੁਨਾ ਨੇ ਕੇਂਦਰ ਸਰਕਾਰ ਅਤੇ ਐਨ.ਐਚ.ਏ. ਵੱਲੋਂ ਟੋਲ ਦਰਾਂ ਵਿਚ ਕੀਤੇ ਵਾਧੇ ਦੇ ਵਿਰੋਧ ਵਿਚ 16 ਜੂਨ ਤੋਂ 30 ਜੂਨ ਤੱਕ ਲਗਾਤਾਰ ਧਰਨਾ ਲਗਾਇਆ ਅਤੇ ਗੱਡੀਆਂ ਨੂੰ ਟੋਲ ਮੁਕਤ ਕੀਤਾ। ਜਿਸ ਨੂੰ ਮੱਦੇ ਨਜ਼ਰ ਰੱਖਦੇ ਐਨ.ਐਚ.ਏ.ਨੇ ਮਾਨਯੋਗ ਹਾਈਕੋਰਟ ਵਿਚ ਰਿਟ ਲਗਾ ਦਿੱਤੀ ਹੈ, ਜਿਸ ਦੀ ਅਗਲੀ ਤਰੀਕ 10 ਜੁਲਾਈ ਹੈ। ਇਸ ਸਬੰਧੀ ਕਿਸਾਨ ਜਥੇਬੰਦੀਆਂ ਵੱਲੋਂ ਇਕ ਮੀਟਿੰਗ ਕੀਤੀ ਗਈ, ਜਿਸ ਦੌਰਾਨ ਗੱਲਬਾਤ ਕਰਦਿਆਂ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਦਿਲਬਾਗ ਸਿੰਘ ਗਿੱਲ, ਭਾਰਤੀ ਕਿਸਾਨ ਯੂਨੀਅਨ ਦੁਆਬਾ ਦੇ ਮਾਲਵਾ ਜੋਨ ਪ੍ਰਧਾਨ ਇੰਦਰਵੀਰ ਸਿੰਘ ਕਾਦੀਆਂ, ਕੋਰ ਕਮੇਟੀ ਮੈਂਬਰ ਬਾਬਾ ਸੁਖਵਿੰਦਰ ਸਿੰਘ ਆਲੋਵਾਲ ਅਤੇ ਕਿਸਾਨ ਆਗੂ ਸੁਖਦੇਵ ਸਿੰਘ ਮੰਗਲੀ ਨੇ ਦੱਸਿਆ ਕਿ ਲੋਕ ਮੁੱਦਿਆਂ ਨੂੰ ਲੈ ਕੇ ਕਿਸਾਨ ਜਥੇਬੰਦੀਆਂ ਤੇ ਹੋਰਾਂ ਵੱਲੋਂ ਲਾਡੋਵਾਲ ਟੋਲ ਪਲਾਜਾ ਤੇ ਧਰਨਾ ਲਗਾਇਆ ਗਿਆ ਸੀ, ਇਹ ਧਰਨਾ ਲਗਾਤਾਰ 15 ਦਿਨ ਚੱਲਿਆ, ਜਿਸ ਦੌਰਾਨ ਧਰਨਾਕਾਰੀਆਂ ਨਾਲ ਐਨ. ਐਚ.ਏ. ਦਾ ਕੋਈ ਵੀ ਅਧਿਕਾਰੀ ਸਾਡੀਆਂ ਹੱਕੀ ਮੰਗਾਂ ਸਬੰਧੀ ਗੱਲਬਾਤ ਕਰਨ ਲਈ ਨਹੀਂ ਆਇਆ। ਜਿਸ ਕਰਕੇ ਅਸੀਂ ਧਰਨਾ ਲਗਾ ਕੇ ਬੈਠ ਗਏ। ਕਿਸਾਨ ਆਗੂਆਂ ਨੇ ਕਿਹਾ ਕਿ ਸਾਨੂੰ ਬੀਤੇ ਕੱਲ ਪਤਾ ਲੱਗਿਆ ਕਿ ਐਨ.ਐਚ.ਏ. ਨੇ ਮਾਨਯੋਗ ਹਾਈ ਕੋਰਟ ਵਿਚ ਕਿਸਾਨਾਂ ਖਿਲਾਫ ਰਿੱਟ ਪਾ ਦਿੱਤੀ ਹੈ। ਮਾਨਯੋਗ ਹਾਈਕੋਰਟ ਵੱਲੋਂ ਜਨਰਲ ਅਟਾਰਨੀ ਨੂੰ 10 ਜੁਲਾਈ ਨੂੰ ਪੇਸ਼ ਹੋ ਕੇ ਜਵਾਬ ਦੇਣ ਲਈ ਕਿਹਾ ਗਿਆ ਹੈ, ਲੇਕਿਨ ਕਿਸਾਨ ਜਥੇਬੰਦੀਆਂ ਲਾਡੋਵਾਲ ਟੋਲ ਪਲਾਜਾ ਦੇ ਸਬੰਧ ਵਿਚ ਮਾਨਯੋਗ ਹਾਈਕੋਰਟ ਵਿਚ ਖੁਦ ਆਪ ਆਪਣੇ ਵਕੀਲ ਸਾਹਿਬ ਦੇ ਰਾਹੀਂ ਪੇਸ਼ ਹੋ ਕੇ ਜਵਾਬ ਦੇਣਗੀਆਂ। ਉਨਾਂ ਕਿਹਾ ਕਿ ਅਸੀਂ ਮਾਨਯੋਗ ਹਾਈਕੋਰਟ ਨੂੰ ਦੱਸਣਾ ਚਾਹਾਂਗੇ ਕਿ ਸ਼ੰਭੂ ਤੋਂ ਲੈ ਕੇ ਲਾਡੋਵਾਲ ਅਤੇ ਲਾਡੋਵਾਲ ਤੋਂ ਮਾਨਾਂਵਾਲ ਤੱਕ ਐਨ.ਐਚ. ਏ. ਦੀਆਂ ਤਰੁਟੀਆਂ ਕਾਰਨ ਸੜਕਾਂ ਦੀ ਮਾੜੀ ਹਾਲਤ ਕਰਕੇ ਕਿੰਨੇ ਐਕਸੀਡੈਂਟ ਹੋਏ, ਕਿੰਨਾ ਲੋਕਾਂ ਨੂੰ ਖੱਜਲ ਖੁਆਰ ਹੋਣਾ ਪਿਆ ਅਤੇ ਹੋ ਰਹੇ ਹਨ, ਦੇ ਬਾਰੇ ਅਸੀਂ ਖੁਦ ਮਾਨਯੋਗ ਹਾਈਕੋਰਟ ਨੂੰ ਦੱਸਣਾ ਚਾਹੁੰਦੇ ਹਾਂ, ਕਿਰਪਾ ਸਾਡੀ ਗੱਲ ਮਾਨਯੋਗ ਹਾਈਕੋਰਟ ਵੱਲੋਂ ਸੁਣੀ ਜਾਵੇ ਅਸੀਂ ਇਕ ਦੋ ਦਿਨ ਵਿਚ ਹੀ ਵਕੀਲ ਸਾਹਿਬ ਨੂੰ ਨਾਲ ਲੈ ਕੇ ਆਪਣੇ ਵੱਲੋਂ ਰਿਟ ਪਾ ਰਹੇ ਹਾਂ। ਇਸ ਮੌਕੇ ਉਨਾਂ ਨਾਲ ਨੇਕ ਸਿੰਘ ਸੇਖੇਵਾਲ, ਸੁਰਿੰਦਰ ਸਿੰਘ ਪਵਾਰ ਇੰਚਾਰਜ ਹਲਕਾ ਗਿੱਲ, ਬਲਾਕ ਪ੍ਰਧਾਨ ਜਸਪ੍ਰੀਤ ਸਿੰਘ ਲਾਦੀਆਂ, ਕੁਮਾਰ ਗੌਰਵ,ਭੁਪਿੰਦਰ ਸਿੰਘ ਸੀੜਾ ਅਤੇ ਮਨਜੀਤ ਸਿੰਘ ਅਰੋੜਾ ਆਦਿ ਵੀ ਹਾਜ਼ਰ ਸਨ।

# ਜ਼ਿਲ੍ਹੇ ਅੰਦਰ ਹਰੇ ਅੰਬ, ਨਿੰਮ, ਪਿੱਪਲ ਅਤੇ ਬੋਹੜ ਦੇ ਰੁੱਖਾਂ ਦੀ ਕਟਾਈ 'ਤੇ ਪਾਬੰਦੀ




ਸ਼ਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ ਮਨਪ੍ਰੀਤ ਵਾਸੂ)ਜ਼ਿਲ੍ਹਾ ਮੈਜਿਸਟਰੇਟ ਨਵਜੋਤ ਪਾਲ ਸਿੰਘ ਰੰਧਾਵਾ ਨੇ ਫ਼ੌਜਦਾਰੀ ਜ਼ਾਬਤਾ ਸੰਘਤਾ ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਹਦੂਦ ਅੰਦਰ ਡੀਲਿਸਟ ਏਰੀਏ ਵਿੱਚੋਂ ਹਰੇ ਅੰਬ, ਨਿੰਮ, ਪਿੱਪਲ ਅਤੇ ਬੋਹੜ ਦੇ ਬਹੁਤ ਹੀ ਮਹੱਤਵਪੂਰਨ ਰੁੱਖਾਂ ਦੇ ਕੱਟਣ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਜਾਰੀ ਹੁਕਮਾਂ ਵਿਚ ਕਿਹਾ ਗਿਆ ਹੈ ਕਿ ਜੇਕਰ ਉਕਤ ਰੁੱਖਾਂ ਨੂੰ ਵਿਸ਼ੇਸ਼ ਹਾਲਾਤ ਵਿਚ ਕੱਟਣਾ ਜ਼ਰੂਰੀ ਹੋਵੇ, ਤਾਂ ਜੰਗਲਾਤ ਵਿਭਾਗ ਦੀ ਪ੍ਰਵਾਨਗੀ ਨਾਲ ਹੀ ਕੱਟੇ ਜਾਣ। ਇਸ ਮੰਤਵ ਲਈ ਵਣ ਵਿਭਾਗ ਵੱਲੋਂ ਉਹੀ ਪ੍ਰਕਿਰਿਆ ਅਪਨਾਈ ਜਾਵੇਗੀ, ਜਿਹੜੀ ਕਿ ਪੰਜਾਬ ਭੂਮੀ ਸੁਰੱਖਿਆ ਐਕਟ 1900 ਦਫ਼ਾ-4 ਅਤੇ 5 ਅਧੀਨ ਬੰਦ ਰਕਬੇ ਵਿਚ ਪਰਮਿਟ ਦੇਣ ਲਈ ਅਪਨਾਈ ਜਾਂਦੀ ਹੈ। ਜੇਕਰ ਡੀਲਿਸਟ ਏਰੀਏ ਤੋਂ ਇਲਾਵਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਕਿਸੇ ਵੀ ਜਗ੍ਹਾਂ ਤੇ ਹਰੇ ਅੰਬ, ਨਿੰਮ, ਪਿੱਪਲ ਅਤੇ ਬੋਹੜ ਦੇ ਦਰਖੱਤਾਂ ਨੂੰ ਕੱਟਣਾਂ ਜ਼ਰੂਰੀ ਹੋਵੇ ਤਾਂ ਉਸ ਦੀ ਪ੍ਰਵਾਨਗੀ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਦੇ ਦਫ਼ਤਰ ਤੋਂ ਲੈਣ ਉਪਰੰਤ ਹੀ ਕੱਟੇ ਜਾਣ।ਇਨ੍ਹਾਂ ਹੁਕਮਾਂ ਵਿਚ ਕਿਹਾ ਗਿਆ ਹੈ ਕਿ ਇਹ ਵੇਖਣ ਵਿਚ ਆਇਆ ਹੈ ਕਿ ਕੁਝ ਲੋਕਾਂ ਵੱਲੋਂ ਹਰੇ ਅੰਬ, ਨਿੰਮ, ਪਿੱਪਲ ਅਤੇ ਬੋਹੜ ਦੇ ਰੁੱਖਾਂ ਨੂੰ ਬਿਨਾਂ ਵਜ੍ਹਾ ਕੱਟਿਆ ਰਿਹਾ ਹੈ। ਇਹ ਦਰੱਖਤ ਪ੍ਰਾਚੀਨ ਸਮੇਂ ਤੋਂ ਹੀ ਧਾਰਮਿਕ ਮਹੱਤਤਾ ਰੱਖਦੇ ਹਨ ਅਤੇ ਇਨ੍ਹਾਂ ਦਾ ਵਾਤਾਵਰਨ ਨੂੰ ਪ੍ਰਦੂਸ਼ਣ ਤੋਂ ਬਚਾਉਣ ਵਿਚ ਵੱਡਾ ਯੋਗਦਾਨ ਹੈ। ਇਸ ਤੋਂ ਇਲਾਵਾ ਜੰਗਲੀ ਜੀਵਾਂ ਅਤੇ ਪੰਛੀਆਂ ਆਦਿ ਦਾ ਰੈਣ-ਬਸੇਰਾ ਵੀ ਆਮ ਤੌਰ 'ਤੇ ਇਨ੍ਹਾਂ ਵੱਡੇ ਦਰੱਖਤਾਂ 'ਤੇ ਹੁੰਦਾ ਹੈ। ਅਜਿਹੇ ਰੁੱਖਾਂ ਦੀ ਕਟਾਈ ਨਾਲ ਜਿਥੇ ਵਾਤਾਵਰਨ ਤੇ ਮਾੜਾ ਅਸਰ ਪੈਂਦਾ ਹੈ, ਉਥੇ ਪੰਛੀਆਂ ਦੇ ਰੈਣ-ਬਸੇਰੇ 'ਤੇ ਵੀ ਪ੍ਰਤੀਕੂਲ ਅਸਰ ਪੈਂਦਾ ਹੈ, ਜਿਸ ਕਰਕੇ ਪੰਛੀਆਂ ਦੀਆਂ ਕਈ ਪ੍ਰਜਾਤੀਆਂ ਲੁਪਤ ਹੋ ਰਹੀਆਂ ਹਨ। ਇਸ ਕਾਰਨ ਇਨ੍ਹਾਂ ਦੀ ਕਟਾਈ 'ਤੇ ਰੋਕ ਲਗਾਈ ਜਾਣੀ ਜ਼ਰੂਰੀ ਹੈ। ਇਹ ਹੁਕਮ 02 ਸਤੰਬਰ, 2024 ਤੱਕ ਲਾਗੂ ਰਹਿਣਗੇ।

# ਖ਼ਾਲਸਾ ਕਾਲਜ ਨਰਸਿੰਗ ਨੇ 'ਨਸ਼ਿਆਂ ਅਤੇ ਗੈਰ-ਕਾਨੂੰਨੀ ਤਸਕਰੀ' ਸਬੰਧੀ ਵੈਬੀਨਾਰ ਕਰਵਾਇਆ




ਅੰਮ੍ਰਿਤਸਰ, (ਲੋਕ ਬਾਣੀ) -ਖ਼ਾਲਸਾ ਕਾਲਜ ਆਫ਼ ਨਰਸਿੰਗ ਵੱਲੋਂ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਅਤੇ ਨਾਜਾਇਜ਼ ਤਸਕਰੀ ਵਿਰੁੱਧ ਅੰਤਰਰਾਸ਼ਟਰੀ ਦਿਵਸ 2024 ਦੇ ਸਬੰਧ 'ਚ 'ਪਹਿਲੀ ਰਾਸ਼ਟਰੀ ਈ-ਮਾਈਂਡ ਮੈਪਿੰਗ ਪ੍ਰਤੀਯੋਗਤਾ ਅਤੇ ਈ-ਸਿੰਪੋਜ਼ੀਅਮ' 'ਤੇ ਵੈਬੀਨਾਰ ਕਰਵਾਇਆ ਗਿਆ। ਕਾਲਜ ਵੱਲੋਂ ਕਰਵਾਏ ਇਸ ਵੈਬੀਨਾਰ 'ਚ ਮੁੱਖ ਮਹਿਮਾਨ ਵਜੋਂ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸ, ਫ਼ਰੀਦਕੋਟ ਦੇ ਉਪ ਕੁਲਪਤੀ ਡਾ. ਰਾਜੀਵ ਸੂਦ ਨੇ ਸ਼ਿਰਕਤ ਕੀਤੀ, ਜਦ ਕਿ ਇਸ ਦੀ ਪ੍ਰਧਾਨਗੀ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਦੁਆਰਾ ਕੀਤੀ ਗਈ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਨੇ ਵੈਬੀਨਾਰ 'ਚ ਸ਼ਿਰਕਤ ਕਰਨ ਵਾਲੇ ਮਹਿਮਾਨਾਂ ਸਵਾਗਤ ਕਰਦਿਆਂ ਉਕਤ ਵਿਸ਼ੇ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਇਹ ਦਿਨ ਵਿਅਕਤੀਆਂ, ਪਰਿਵਾਰਾਂ ਅਤੇ ਭਾਈਚਾਰਿਆਂ 'ਤੇ ਨਸ਼ਿਆਂ ਦੀ ਦੁਰਵਰਤੋਂ ਦੇ ਨੁਕਸਾਨਦੇਹ ਪ੍ਰਭਾਵਾਂ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਸਮਰਪਿਤ ਹੈ।

ਸ: ਛੀਨਾ ਨੇ ਉਪਰੋਕਤ ਕਰਵਾਏ ਗਏ ਵੈਬੀਨਾਰ ਸਬੰਧੀ ਪ੍ਰਿੰ: ਡਾ. ਅਮਨਪ੍ਰੀਤ ਕੌਰ ਅਤੇ ਸਮੂਹ ਸਟਾਫ਼ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਅਤੇ ਗੈਰ-ਕਾਨੂੰਨੀ ਤਸਕਰੀ ਖਿਲਾਫ਼ ਅੰਤਰਰਾਸ਼ਟਰੀ ਦਿਵਸ ਸੰਯੁਕਤ ਰਾਸ਼ਟਰ ਵੱਲੋਂ ਅਜਿਹੀਆਂ ਕੁਰੀਤੀਆਂ ਖਿਲਾਫ਼ ਲੜਨ ਲਈ ਪ੍ਰਸਤਾਵਿਤ ਦਿਨ ਹੈ, ਜੋ ਕਿ ਹਰ ਸਾਲ ਦੁਨੀਆ ਭਰ 'ਚ ਮਨਾਇਆ ਜਾਂਦਾ ਹੈ। ਸ: ਛੀਨਾ ਨੇ ਕਿਹਾ ਕਿ ਵਿਸ਼ਵ ਪੱਧਰ 'ਤੇ ਸਿਹਤ, ਸੁਰੱਖਿਆ ਅਤੇ ਸਮਾਜਿਕ ਸਥਿਰਤਾ ਲਈ ਮਹੱਤਵਪੂਰਨ ਚੁਣੌਤੀਆਂ ਪੈਦਾ ਕਰਨ ਦੇ ਨਾਲ-ਨਾਲ ਤੰਦਰੁਸਤੀ ਲਈ ਵੀ ਗੰਭੀਰ ਖਤਰਿਆਂ ਨੂੰ ਉਭਾਰਦੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਦੁਰਵਰਤੋਂ ਕਾਰਨ ਮਾਨਸਿਕ ਸਿਹਤ ਸਬੰਧੀ ਵਿਗਾੜ, ਐਚ. ਆਈ. ਵੀ., ਏਡਜ਼ ਅਤੇ ਹੈਪੇਟਾਈਟਸ ਵਰਗੀਆਂ ਛੂਤ ਦੀਆਂ ਬੀਮਾਰੀਆਂ ਸਮੇਤ ਕਈ ਮਾੜੇ ਪ੍ਰਭਾਵਾਂ ਦਾ ਕੈਸਕੇਡ ਹੋਣ ਦੀ ਸੰਭਾਵਨਾ ਹੁੰਦੀ ਹੈ। ਇਸ ਤੋਂ ਇਲਾਵਾ ਅਪਰਾਧ, ਹਿੰਸਾ ਅਤੇ ਭ੍ਰਿਸ਼ਟਾਚਾਰ ਨੂੰ ਵਧਾਉਣ ਨਾਲ ਸਮਾਜ ਨੂੰ ਅਸਥਿਰ ਅਤੇ ਵਿਕਾਸ ਨੂੰ ਕਮਜ਼ੋਰ ਕਰਦੀ ਹੈ।

ਇਸ ਮੌਕੇ ਡਾ. ਸੂਦ ਨੇ ਸੰਬੋਧਨ ਕਰਦਿਆਂ ਉਕਤ ਵਿਸ਼ੇ ਸਬੰਧੀ ਆਪਣੇ ਸ਼ਬਦਾਂ ਨੂੰ ਸਾਂਝਾ ਕਰਨ ਲਈ ਇੱਥੇ ਆਉਣਾ ਮੇਰੇ ਲਈ ਸੱਚਮੁੱਚ ਇਕ ਸਨਮਾਨ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਰੋਕਥਾਮ, ਜਾਗਰੂਕਤਾ, ਖੋਜ ਨਵੀਨਤਾ, ਮਨੋਵਿਗਿਆਨਕ ਦੇਖਭਾਲ, ਪੁਨਰਵਾਸ ਤੇ ਸਮੱਸਿਆ ਆਦਿ ਸਬੰਧਿਤ ਮੁੱਦਿਆਂ ਨੂੰ ਹੱਲ ਕਰਨ ਲਈ ਬਹੁਮੁੱਲਾ ਯੋਗਦਾਨ ਦੇਣ ਲਈ ਮੋਹਰੀ ਕਤਾਰ 'ਚ ਡਟੇ ਵਰਕਰਾਂ ਨੂੰ ਸਲਾਮ ਕਰਦਾ ਹਾਂ। ਉਨ੍ਹਾਂ ਕਿਹਾ ਕਿ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਅਤੇ ਅਲਕੋਹਲਵਾਦ ਇਕ ਮਾਨਸਿਕ-ਸਮਾਜਿਕ-ਮੈਡੀਕਲ ਸਮੱਸਿਆ ਹੈ ਜਿਸ ਲਈ ਰੋਕਥਾਮ ਅਤੇ ਸ਼ੁਰੂਆਤੀ ਖੋਜ ਤੋਂ ਪ੍ਰਭਾਵਸ਼ਾਲੀ ਦਖਲਅੰਦਾਜ਼ੀ, ਮੁੜ ਵਸੇਬੇ ਤੇ ਸਮਾਜਿਕ ਏਕੀਕਰਨ ਤੱਕ ਇਕ ਸੰਪੂਰਨ ਪਹੁੰਚ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਭਾਰਤ ਵਰਗੇ ਦੇਸ਼ ਲਈ ਇਹ ਨਸ਼ਾਖੋਰੀ ਗੰਭੀਰ ਚਿੰਤਾ ਦਾ ਵਿਸ਼ਾ ਹੈ।

ਇਸ ਮੌਕੇ ਨੈਸ਼ਨਲ ਇੰਸਟੀਚਿਊਟ ਆਫ਼ ਨਰਸਿੰਗ ਐਜੂਕੇਸ਼ਨ (ਪੀ. ਜੀ. ਆਈ. ਐਮ. ਈ. ਆਰ.) ਚੰਡੀਗੜ੍ਹ ਤੋਂ ਐਸੋਸੀਏਟ ਪ੍ਰੋਫੈਸਰ: ਡਾ. ਸੁਨੀਤਾ ਸ਼ਰਮਾ ਅਤੇ ਐਨ. ਐਚ. ਐਸ. ਆਰ. ਸੀ. ਸਿਹਤ ਸਲਾਹਕਾਰ ਤੇ ਜੀਵਨ ਸ਼ੈਲੀ ਕੋਚ, ਏ. ਸੀ. ਟੀ. ਜੀ. ਸਾਬਕਾ ਪ੍ਰਿੰਸੀਪਲ ਅਤੇ ਕਾਲਜ ਆਫ ਨਰਸਿੰਗ, ਏ. ਆਈ. ਆਈ. ਐਮ. ਐਸ. ਨਵੀਂ ਦਿੱਲੀ ਤੋਂ ਐਸੋਸੀਏਟ ਪ੍ਰੋਫੈਸਰ ਡਾ. ਸੰਧਿਆ ਗੁਪਤਾ ਨੇ ਸਾਂਝੇ ਤੌਰ 'ਤੇ ਕਿਹਾ ਕਿ ਨਸ਼ਿਆਂ ਨਾਲ ਜੂਝ ਰਹੇ ਵਿਅਕਤੀਆਂ ਦੇ ਪਰਿਵਾਰ ਹਮੇਸ਼ਾ ਭਾਵਨਾਤਮਕ ਅਤੇ ਵਿੱਤੀ ਤਣਾਅ ਦਾ ਮਹਿਸੂਸ ਕਰਦੇ ਹਨ, ਜਿਸ ਨਾਲ ਉਹ ਵੱਧਦੀ ਅਪਰਾਧ ਦਰ ਅਤੇ ਵਿਗੜ ਰਹੇ ਸਮਾਜਿਕ ਏਕਤਾ ਤੋਂ ਪੀੜਤ ਹਨ। ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤਾਂ 'ਚ ਨਸ਼ਿਆਂ ਸਬੰਧੀ ਜਾਗਰੂਕਤਾ ਅਤੇ ਸਿੱਖਿਆ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਮੁੱਖ ਲੋੜ ਹੈ, ਜੋ ਕਿ ਨਸ਼ੇੜੀਆਂ ਨੂੰ ਨਸ਼ੇ ਤੋਂ ਦੂਰ ਕਰਨ 'ਚ ਸਹਾਈ ਸਿੱਧ ਹੋ ਸਕਦੀ ਹੈ।

ਇਸ ਮੌਕੇ ਸਮੂਹ ਮਹਿਮਾਨਾਂ ਨੇ ਇਕਜੁਟ ਹੋ ਕੇ ਕਿਹਾ ਕਿ ਗੈਰ-ਕਾਨੂੰਨੀ ਨਸ਼ੀਲੇ ਪਦਾਰਥਾਂ ਦੀ ਤਸਕਰੀ 'ਚ ਕਾਨੂੰਨ ਦੁਆਰਾ ਇਤਰਾਜਯੋਗ ਪਦਾਰਥਾਂ ਦਾ ਗੈਰ-ਕਾਨੂੰਨੀ ਉਤਪਾਦਨ, ਵੰਡ ਅਤੇ ਵਿਕਰੀ ਸ਼ਾਮਿਲ ਹੈ। ਕਿਉਂਕਿ ਨਜਾਇਜ਼ ਤਸਕਰੀ ਅਪਰਾਧ, ਭ੍ਰਿਸ਼ਟਾਚਾਰ ਅਤੇ ਹਿੰਸਾ ਨੂੰ ਵਧਾ ਕੇ ਇਨ੍ਹਾਂ ਮੁੱਦਿਆਂ ਨੂੰ ਜੋੜਦੀ ਹੈ। ਉਨ੍ਹਾਂ ਕਿਹਾ ਕਿ ਇਹ ਕਾਨੂੰਨ ਨੂੰ ਕਮਜ਼ੋਰ ਅਤੇ ਦੁਨੀਆ ਭਰ ਦੇ ਦੇਸ਼ਾਂ ਦੀ ਸੁਰੱਖਿਆ ਅਤੇ ਵਿਕਾਸ ਨੂੰ ਖਤਰਾ 'ਚ ਪਾਉਂਦੀ ਹੈ। ਇਸ ਮੌਕੇ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਜਥੇਬੰਦਕ ਸਕੱਤਰ ਐਮ. ਐਸ. ਕਵਲਜੀਤ ਕੌਰ ਅਤੇ ਸਹਿ ਜਥੇਬੰਦਕ ਸਕੱਤਰ ਅਵਨੀਤ ਕੌਰ ਦੇ ਵੈਬੀਨਾਰ 'ਚ ਵਿਸ਼ੇਸ਼ ਸਹਿਯੋਗ ਦੀ ਸ਼ਲਾਘਾ ਵੀ ਕੀਤੀ। ਇਸ ਮੌਕੇ ਸ੍ਰੀਮਤੀ ਸੁਧਾ ਨੇ ਧੰਨਵਾਦ ਮਤਾ ਪੇਸ਼ ਕੀਤਾ।

# ਬਾਬਾ ਗੁਰਦਿੱਤਾ ਪਬਲਿਕ ਸਕੂਲ ਭੂਮੇਵਾਲ ਦਾ ਧਾਰਮਿਕ ਪ੍ਰੀਖਿਆ ਵਿਚ ਰਿਹਾ ਸ਼ਾਨਦਾਰ ਪ੍ਰਦਰਸ਼ਨ

ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਸਿੱਖ ਮਿਸ਼ਨਰੀ ਕਾਲਜ (ਰਜਿ:) ਲੁਧਿਆਣਾ ਵੱਲੋਂ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਦੀ ਲਈ ਜਾਂਦੀ ਪੰਜਾਬ ਪੱਧਰ ਦੀ ਧਾਰਮਿਕ ਪ੍ਰੀਖਿਆ ਤਹਿਤ ਬਾਬਾ ਗੁਰਦਿੱਤਾ ਪਬਲਿਕ ਸਕੂਲ ਭੂਮੇਵਾਲ ਦੇ ਵਿਦਿਆਰਥੀਆਂ ਨੇ ਬਲਾਕ ਨੂਰਪੁਰ ਬੇਦੀ ਵਿਚੋਂ ਪਹਿਲਾ ਸਥਾਨ ਹਾਸਿਲ ਕੀਤਾ। ਜਿਸ ਦੌਰਾਨ ਸਕੂਲ ਦੇ (75) ਵਿਦਿਆਰਥੀਆਂ ਵਿਚੋਂ (50) ਵਿਦਿਆਰਥੀਆਂ ਨੇ 90 ਫੀਸਦੀ ਤੋਂ ਜ਼ਿਆਦਾ ਅੰਕ ਪ੍ਰਾਪਤ ਕਰਕੇ ਮੈਰਿਟ ਹਾਸਿਲ ਕੀਤੀ ਤੇ ਬਾਕੀ ਵੀ ਪਹਿਲੇ ਦਰਜੇ ਵਿਚ ਪਾਸ ਹੋਏ। ਇਸ ਸਕੂਲ ਵਿਚ ਪਹਿਲੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਉਚੇਰੇ ਤੌਰ ਤੇ ਮੋਮੈਂਟੋਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਰਜਿੰਦਰ ਕਿਸਾਨਾ ਜੀ ਨੇ ਦੱਸਿਆ ਕਿ ਨਿਰੋਲ ਗੁਰਮਤਿ ਤੇ ਗੁਰ ਸਿੱਖ ਇਤਿਹਾਸ ਨਾਲ ਸੰਬੰਧਿਤ ਉਕਤ ਪ੍ਰੀਖਿਆ 4 ਨਵੰਬਰ ਨੂੰ ਲਈ ਗਈ ਸੀ ਜਿਸ ਦੌਰਾਨ ਸਮੁੱਚੇ ਸਟਾਫ ਦੀ ਸਖਤ ਮਿਹਨਤ ਕਰਕੇ ਉਕਤ ਵਿਦਿਆਰਥੀਆਂ ਨੂੰ ਬਲਾਕ ਪੱਧਰ ਤੇ ਪਹਿਲਾ ਸਥਾਨ ਮਿਲਿਆ। ਇਸ ਦੇ ਨਾਲ ਹੀ ਇਸ ਸਕੂਲ ਦੇ ਵਿਦਿਆਰਥੀਆਂ ਨੇ ਵਿੱਦਿਅਕ ਖੇਤਰ ਵਿੱਚ ਚੰਗੀਆਂ ਪੁਜੀਸ਼ਨਾਂ ਹਾਸਿਲ ਕੀਤੀਆਂ ਹਨ। ਇਸ ਮੌਕੇ ਬੱਚਿਆਂ ਨੂੰ ਸਨਮਾਨ ਕਰਨ ਦੇ ਲਈ ਸਰਕਲ



ਇੰਚਾਰਜ ਕਿਸ਼ੋਰ ਸਿੰਘ ਸਰਥਲੀ ਤੇ ਸਮੂਹ ਸਟਾਫ ਮੈਡਮ ਸਿਮਰਨ ਕਿਸਾਨਾ, ਪਿੰਕੀ ਦੇਵੀ, ਰਾਜਵਿੰਦਰ ਕੌਰ, ਬਲਵਿੰਦਰ ਕੌਰ, ਰੁਪਿੰਦਰ ਕੌਰ ਜਸਪ੍ਰੀਤ ਕੌਰ, ਸੰਜੀਵ ਕੁਮਾਰ, ਮੀਨਾ ਕੁਮਾਰੀ ਤੇ ਸਾਰੇ ਵਿਦਿਆਰਥੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਰੋਟਰੀ ਵਰ੍ਹੇ ਦੀ ਅਰੰਭਤਾ ਮੌਕੇ ਰੋਟਰੀ ਕਲੱਬ ਨੇ ਡਾਕਟਰ ਦਿਵਸ ਤੇ ਸੀ ਏ ਦਿਵਸ ਮਨਾਇਆ

ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): -+ਰੋਟਰੀ ਕਲੱਬ ਸ਼੍ਰੀ ਅਨੰਦਪੁਰ ਸਾਹਿਬ ਦੀ ਨਵੀਂ ਟੀਮ ਨੇ ਰੋਟਰੀ ਦੇ ਨਵੇਂ ਸਾਲ 2024-25 ਦੀ ਆਰੰਭਤਾਂ ਸਮਾਜ ਸੇਵੀ ਕਾਰਜਾਂ ਨਾਲ ਸ਼ੁਰੂ ਕਰਦਿਆਂ ਸਾਲ ਦੇ ਪਹਿਲੇ ਦਿਨ ਡਾਕਟਰ ਡੇ ਅਤੇ ਸੀਏ ਡੇ ਮਨਾਉਂਦਿਆਂ ਕੀਤੀ ਕਲੱਬ ਦੇ ਨਵੇਂ ਪ੍ਰਧਾਨ ਗੁਰਪਾਲ ਢਿੱਲੋਂ ਦੀ ਅਗਵਾਈ ਚ ਨਵੀ ਟੀਮ ਵਲੋਂ ਕਲੱਬ ਦੇ ਸੀਨੀਅਰ ਮੇਂਬਰ ਡਾਕਟਰ ਪੀਜੇਐਸ ਕੰਗ, ਡਾਕਟਰ ਰਣਵੀਰ ਸਿੰਘ ਬੈਂਸ ਅਤੇ ਸੀ ਏ ਗੁਰਜਿੰਦਰ ਸਿੰਘ ਵਲੋਂ ਕੇਕ ਕੱਟਿਆ ਗਿਆ ਇਸ ਮੌਕੇ ਡਾਕਟਰ ਪੀਜੀਐਸ ਕੰਗ ਅਤੇ ਡਾਕਟਰ ਰਣਬੀਰ ਸਿੰਘ ਨੇ ਸੰਬੋਧਨ ਕਰਦਿਆਂ ਡਾਕਟਰ ਦਿਵਸ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਡਾਕਟਰੀ ਦੇ ਪੇਸ਼ੇ ਵਿੱਚ ਕੁਝ ਅਜਿਹੇ ਡਾਕਟਰ ਵੀ ਹੁੰਦੇ ਹਨ ਜੋ ਆਪਣੀ ਪ੍ਰੈਕਟਿਸ ਦੇ ਨਾਲ ਨਾਲ ਸਮਾਜ ਲਈ ਵੀ ਸਮਾਂ ਕੱਢਦੇ ਹਨ ਤੇ ਮਰੀਜ਼ਾਂ ਦਾ ਮੁਫਤ ਇਲਾਜ ਵੀ ਕਰਦੇ ਹਨ ਅਜਿਹੇ ਸਮਾਜ ਭਲਾਈ ਦੇ ਕੰਮ ਕਰਨ ਵਾਲਿਆਂ ਦੀ ਸਮਾਜ ਵਿੱਚ ਬਹੁਤ ਲੋੜ ਹੈ ਉਨ੍ਹਾਂ ਦੱਸਿਆ ਕਿ 01 ਜੁਲਾਈ ਤੋਂ ਰੋਟਰੀ ਦਾ ਨਵਾਂ ਵਰਾ ਸ਼ੁਰੂ ਹੁੰਦਾ ਹੈ। ਜਿਸ ਦੇ ਨਵੇਂ ਪ੍ਰਧਾਨ ਡਾਕਟਰ ਗੁਰਪਾਲ ਢਿਲੋ ਅਤੇ ਉਹਨਾਂ ਦੀ ਟੀਮ ਦਾ ਤਾਜਪੋਸ਼ੀ ਸਮਾਗਮ ਅਗਲੇ ਹਫਤੇ ਕੀਤਾ ਜਾਵੇਗਾ। ਇਸ ਮੌਕੇ ਸੀ ਏ ਗੁਰਜਿੰਦਰ ਸਿੰਘ ਵੱਲੋਂ ਸੀਏ ਦਿਵਸ ਮਨਾਉਣ ਦੀ ਸ਼ੁਰੂਆਤ ਅਤੇ ਕਿਉਂ ਮਨਾਇਆ ਜਾਂਦਾ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਚਰਨ




ਸਿੰਘ ਘਟੀਵਾਲ, ਸੁਖਵਿੰਦਰ ਪਾਲ ਸਿੰਘ ਸੁੱਖੂ,ਦਵਿੰਦਰ ਸਿੰਘ ਰਾਣਾ,ਗੁਰਕੀਰਤ ਸਿੰਘ ਬਾਵਾ,ਰਘੂਕਲ ਭੂਸ਼ਣ ਬੰਟੀ, ਰਜਿੰਦਰ ਸਿੰਘ ਸੈਣੀ, ਡਾਕਟਰ ਹਰਵਿੰਦਰ, ਡਾਕਟਰ ਹਰਜੀਤ, ਡਾਕਟਰ ਨਿਤਾਸਾ, ਡਾਕਟਰ ਸੁਦਰਸ਼ਨ ਗਾਂਧੀ, ਡਾਕਟਰ ਜੋਤੀ ਸ਼ਰਮਾ, ਡਾਕਟਰ ਤਨੂੰ ਪ੍ਰਿਆ ਸਮੇਤ ਕਲੱਬ ਮੈਂਬਰ ਹਾਜਰ ਸਨ।

# ਐਕਸੀਅਨ ਸ੍ਰੀ ਦਿਲਪ੍ਰੀਤ ਸਿੰਘ ਵੱਲੋਂ ਡਿਪਟੀ ਕਮਿਸ਼ਨਰ ਸ੍ਰੀ ਅਦਿੱਤਿਆ ਉੱਪਲ ਨੂੰ ਫਲੱਡ ਗਾਈਡ ਬੁੱਕ ਸੌਂਪੀ ਗਈ


ਗੁਰਦਾਸਪੁਰ-ਨਵਨੀਤ ਕੁਮਾਰ -
ਪੰਜਾਬ ਸਰਕਾਰ ਦੇ ਜਲ ਸਰੋਤ ਵਿਭਾਗ ਵੱਲੋਂ ਸੰਭਾਵਿਤ ਹੜ੍ਹਾਂ ਸਬੰਧੀ ਇੱਕ ਫਲੱਡ ਗਾਈਡ ਬੁੱਕ ਜਾਰੀ ਕੀਤੀ ਗਈ ਹੈ, ਜਿਸ ਵਿੱਚ ਹੜ੍ਹਾਂ ਦੀ ਰੋਕਥਾਮ ਸਬੰਧੀ ਲੋੜੀਂਦੀ ਸੂਚਨਾ ਸ਼ਾਮਿਲ ਕੀਤੀ ਗਈ ਹੈ। ਇਹ ਫਲੱਡ ਗਾਈਡ ਬੁੱਕ ਜਲ ਸਰੋਤ ਵਿਭਾਗ ਦੇ ਐਕਸੀਅਨ ਸ੍ਰੀ ਦਿਲਪ੍ਰੀਤ ਸਿੰਘ ਵੱਲੋਂ ਡਿਪਟੀ ਕਮਿਸ਼ਨਰ ਸ੍ਰੀ ਅਦਿੱਤਿਆ ਉੱਪਲ ਨੂੰ ਉਨ੍ਹਾਂ ਦੇ ਦਫ਼ਤਰ ਵਿਖੇ ਸੌਂਪੀ ਗਈ।

ਐਕਸੀਅਨ ਸ੍ਰੀ ਦਿਲਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਫਲੱਡ ਗਾਈਡ ਬੁੱਕ ਵਿੱਚ ਜ਼ਿਲ੍ਹਾ ਪ੍ਰਸ਼ਾਸਨ, ਵੱਖ-ਵੱਖ ਜ਼ਿਲ੍ਹਿਆਂ ਦੇ ਮੁਖੀਆਂ ਅਤੇ ਹੜ੍ਹਾਂ ਦੌਰਾਨ ਲੋੜੀਂਦੀ ਮਸ਼ੀਨਰੀ, ਲੇਬਰ ਦੇ ਵੈਂਡਰਾਂ ਆਦਿ ਦੇ ਨੰਬਰ ਸ਼ਾਮਲ ਕੀਤੇ ਗਏ ਹਨ ਤਾਂ ਜੋ ਲੋੜ ਪੈਣ ਤੇ ਉਨ੍ਹਾਂ ਨਾਲ ਰਾਬਤਾ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਇਸ ਗਾਈਡ ਬੁੱਕ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੀ ਹੜ੍ਹ ਰੋਕੂ ਪ੍ਰਬੰਧਾਂ ਬਾਰੇ ਜਾਣਕਾਰੀ ਅਤੇ ਵੱਖ-ਵੱਖ ਵਿਭਾਗਾਂ ਦੇ ਲੋੜੀਂਦੇ ਸੰਪਰਕ ਨੰਬਰ ਸ਼ਾਮਲ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸੰਭਾਵੀ ਹੜ੍ਹਾਂ ਦੇ ਖ਼ਤਰੇ ਨੂੰ ਟਾਲਣ ਵਿੱਚ ਇਹ



ਫਲੱਡ ਗਾਈਡ ਬੁੱਕ ਅਹਿਮ ਸਹਾਈ ਹੋਵੇਗੀ।

# ਡਾ. ਰੋਹਿਣੀ ਪਾਟਿਲ ਨੇ ਦੇਰ ਰਾਤ ਦੀ ਭੁੱਖ ਨੂੰ ਮਿਟਾਉਣ ਲਈ ਸਿਹਤਮੰਦ ਸਨੈਕਸ ਬਾਰੇ ਦੱਸਿਆ



ਚੰਡੀਗੜ੍ਹ (ਲੋਕ ਬਾਣੀ) : ਦੇਰ ਰਾਤ ਨੂੰ ਦੋਸਤਾਂ ਨਾਲ ਬਾਹਰ ਖਾਣਾ ਮਜ਼ੇਦਾਰ ਹੋ ਸਕਦਾ ਹੈ ਜਾਂ ਦੇਰ ਨਾਲ ਕੰਮ ਕਰਨ ਵੇਲੇ ਵੀ ਜ਼ਰੂਰੀ ਹੋ ਸਕਦਾ ਹੈ, ਪਰ ਸਾਡੇ ਨਾਸ਼ਤੇ ਦੀਆਂ ਚੋਣਾਂ ਸਿੱਧੇ ਤੌਰ ਤੇ ਸਾਡੀ ਸਿਹਤ ਨੂੰ ਪ੍ਰਭਾਵਤ ਕਰਦੀਆਂ ਹਨ। ਗੈਰ-ਸਿਹਤਮੰਦ ਚੋਣਾਂ ਕਰਨ ਨਾਲ ਭਾਰ ਵਧ ਸਕਦਾ ਹੈ, ਪਾਚਕ ਸਮੱਸਿਆਵਾਂ ਅਤੇ ਪਾਚਨ ਸਮੱਸਿਆਵਾਂ ਹੋ ਸਕਦੀਆਂ ਹਨ। ਐਮਬੀਬੀਐਸ ਅਤੇ ਪੋਸ਼ਣ ਵਿਗਿਆਨੀ ਡਾ. ਰੋਹਿਣੀ ਪਾਟਿਲ ਦੇਰ ਰਾਤ ਦੇ ਸਨੈਕ ਲਈ ਬਦਾਮ ਅਤੇ ਯੂਨਾਨੀ ਦਹੀਂ ਦੀ ਸਿਫ਼ਾਰਸ਼ ਕਰਦੇ ਹਨ ਕਿਉਂਕਿ ਇਹ ਤੁਹਾਡੀ ਭੁੱਖ ਨੂੰ ਸੰਤੁਸ਼ਟ ਕਰਦੇ ਹਨ, ਭਾਰ ਘਟਾਉਣ ਵਿੱਚ ਮਦਦ ਕਰਦੇ ਹਨ ਅਤੇ ਸਮੁੱਚੀ ਸਿਹਤ ਨੂੰ ਉਤਸ਼ਾਹਿਤ ਕਰਦੇ ਹਨ। ਇਹ ਭੋਜਨ ਨਾ ਸਿਰਫ਼ ਤੁਹਾਡੀ ਭੁੱਖ ਨੂੰ ਸੰਤੁਸ਼ਟ ਕਰਦੇ ਹਨ ਬਲਕਿ ਭਾਰ ਘਟਾਉਣ ਅਤੇ ਸਮੁੱਚੀ ਸਿਹਤ ਨੂੰ ਵੀ ਉਤਸ਼ਾਹਿਤ ਕਰਦੇ ਹਨ। ਬਦਾਮ: ਬਦਾਮ ਇੱਕ ਵਧੀਆ ਵਿਕਲਪ ਹੈ ਅਤੇ ਸ਼ੂਗਰ ਅਤੇ ਉੱਚ ਕੋਲੇਸਟ੍ਰੋਲ ਵਰਗੀਆਂ ਜੀਵਨ ਸ਼ੈਲੀ ਦੀਆਂ ਬਿਮਾਰੀਆਂ ਕਾਰਨ ਹੋਣ ਵਾਲੇ ਬੇਲੋੜੇ ਭਾਰ ਤੋਂ ਬਚਣ ਲਈ ਇਹ ਤੁਹਾਡਾ ਪਸੰਦੀਦਾ ਸਨੈਕ ਹੋ ਸਕਦਾ ਹੈ। ਬਦਾਮ ਪ੍ਰੋਟੀਨ, ਜ਼ਿੰਕ, ਮੈਗਨੀਸ਼ੀਅਮ ਅਤੇ ਡਾਇਟਰੀ ਫਾਈਬਰ ਸਮੇਤ 15 ਜ਼ਰੂਰੀ ਪੌਸ਼ਟਿਕ ਤੱਤਾਂ ਨਾਲ ਭਰਪੂਰ ਹੁੰਦੇ ਹਨ। ਉਹਨਾਂ ਕੋਲ ਸੰਤ੍ਰਿਪਤ ਵਿਸ਼ੇਸ਼ਤਾਵਾਂ ਹਨ ਜੋ ਤੁਹਾਨੂੰ ਲੰਬੇ ਸਮੇਂ ਲਈ ਭਰਪੂਰ ਰੱਖਦੀਆਂ ਹਨ ਅਤੇ ਤੇਜ਼ ਅਤੇ ਜੰਕ ਫੂਡ ਤੋਂ ਦੂਰ ਰਹਿਣ ਵਿੱਚ ਤੁਹਾਡੀ ਮਦਦ ਕਰਦੀਆਂ ਹਨ। ਇਸ ਤੋਂ ਇਲਾਵਾ, ਉਹਨਾਂ ਵਿੱਚ ਮੈਗਨੀਸ਼ੀਅਮ ਹੁੰਦਾ ਹੈ, ਇੱਕ ਖਣਿਜ ਜੋ ਨੀਂਦ ਦੀ ਗੁਣਵੱਤਾ ਵਿੱਚ ਸੁਧਾਰ ਕਰ ਸਕਦਾ ਹੈ। ਇਹਨਾਂ ਗਿਰੀਆਂ ਬਾਰੇ ਸਭ ਤੋਂ ਵਧੀਆ ਗੱਲ ਇਹ ਹੈ ਕਿ ਇਹ ਬਹੁਪੱਖੀ ਹਨ - ਇਹਨਾਂ ਨੂੰ ਭੁੰਨਿਆ, ਕੱਚਾ, ਭਿੱਜਿਆ, ਛਿੱਲਿਆ ਜਾਂ ਬਿਨਾਂ ਛਿੱਲਿਆ ਖਾਧਾ ਜਾ ਸਕਦਾ ਹੈ ਅਤੇ ਇਹ ਦੋਵੇਂ ਰੂਪਾਂ ਵਿੱਚ ਬਰਾਬਰ ਪੌਸ਼ਟਿਕ ਰਹਿੰਦੇ ਹਨ।ਗ੍ਰੀਕ ਦਹੀਂ: ਦੇਰ ਰਾਤ ਦੇ ਸਨੈਕ ਲਈ ਯੂਨਾਨੀ ਦਹੀਂ ਇੱਕ ਵਧੀਆ ਵਿਕਲਪ ਹੈ, ਇਹ ਪ੍ਰੋਟੀਨ ਨਾਲ ਭਰਪੂਰ ਹੈ ਜੋ ਤੁਹਾਨੂੰ ਭਰਪੂਰ ਅਤੇ ਸੰਤੁਸ਼ਟ ਮਹਿਸੂਸ ਕਰਦਾ ਹੈ, ਦੇਰ ਰਾਤ ਦੀ ਲਾਲਸਾ ਨੂੰ ਘਟਾਉਂਦਾ ਹੈ। ਇਸ ਤੋਂ ਇਲਾਵਾ, ਯੂਨਾਨੀ ਦਹੀਂ ਵਿਚ ਮੌਜੂਦ ਅਮੀਨੋ ਐਸਿਡ ਟ੍ਰਿਪਟੋਫੈਨ ਬਿਹਤਰ ਨੀਂਦ ਨੂੰ ਵਧਾ ਸਕਦਾ ਹੈ। ਸੁਆਦ ਅਤੇ ਪੌਸ਼ਟਿਕਤਾ ਨੂੰ ਵਧਾਉਣ ਲਈ ਇਸ ਨੂੰ ਤਾਜ਼ੇ ਫਲ, ਬਦਾਮ ਜਾਂ ਸ਼ਹਿਦ ਦੀ ਇੱਕ ਬੂੰਦ ਨਾਲ ਖਾਓ।ਚੈਰੀ ਟਮਾਟਰ: ਚੈਰੀ ਟਮਾਟਰ ਵਿੱਚ ਕੈਲੋਰੀ ਘੱਟ ਹੁੰਦੀ ਹੈ ਅਤੇ ਫਾਈਬਰ ਦੀ ਮਾਤਰਾ ਵਧੇਰੇ ਹੁੰਦੀ ਹੈ, ਜਿਸ ਨਾਲ ਇਹ ਭਾਰ ਪ੍ਰਤੀ ਸੁਚੇਤ ਵਿਅਕਤੀਆਂ ਲਈ ਇੱਕ ਆਦਰਸ਼ ਵਿਕਲਪ ਬਣ ਜਾਂਦਾ ਹੈ। ਉਹਨਾਂ ਵਿੱਚ ਲਾਈਕੋਪੀਨ ਵੀ ਹੁੰਦਾ ਹੈ, ਇੱਕ ਐਂਟੀਆਕਸੀਡੈਂਟ ਜੋ ਨੀਂਦ ਵਿੱਚ ਸੁਧਾਰ ਕਰਨ ਵਿੱਚ ਲਾਭਦਾਇਕ ਹੋ ਸਕਦਾ ਹੈ। ਇੱਕ ਹਲਕਾ ਅਤੇ ਤਾਜ਼ਗੀ ਭਰਪੂਰ ਸਨੈਕ, ਚੈਰੀ ਟਮਾਟਰਾਂ ਦਾ ਆਪਣੇ ਆਪ ਆਨੰਦ ਲਿਆ ਜਾ ਸਕਦਾ ਹੈ ਜਾਂ ਦੇਰ ਰਾਤ ਇੱਕ ਸੰਤੁਸ਼ਟੀਜਨਕ ਅਤੇ ਪੌਸ਼ਟਿਕ ਇਲਾਜ ਲਈ ਪਨੀਰ ਦੇ ਨਾਲ ਖਾਇਆ ਜਾ ਸਕਦਾ ਹੈ।ਕਾਟੇਜ ਪਨੀਰ: ਕਾਟੇਜ ਪਨੀਰ ਇੱਕ ਹੋਰ ਪ੍ਰੋਟੀਨ-ਅਮੀਰ ਵਿਕਲਪ ਹੈ ਜੋ ਕੈਲੋਰੀ ਵਿੱਚ ਘੱਟ ਹੈ, ਇਸ ਨੂੰ ਦੇਰ ਰਾਤ ਦੇ ਸਨੈਕ ਲਈ ਇੱਕ ਵਧੀਆ ਵਿਕਲਪ ਬਣਾਉਂਦਾ ਹੈ। ਇਹ ਕੈਸੀਨ ਪ੍ਰੋਟੀਨ ਪ੍ਰਦਾਨ ਕਰਦਾ ਹੈ, ਜੋ ਹੌਲੀ-ਹੌਲੀ ਹਜ਼ਮ ਹੁੰਦਾ ਹੈ ਅਤੇ ਰਾਤ ਭਰ ਭਰਪੂਰਤਾ ਦਾ ਅਹਿਸਾਸ ਦਿੰਦਾ ਹੈ। ਇਸ ਤੋਂ ਇਲਾਵਾ, ਜਦੋਂ ਤੁਸੀਂ ਸੌਂਦੇ ਹੋ ਤਾਂ ਪ੍ਰੋਟੀਨ ਮਾਸਪੇਸ਼ੀਆਂ ਦੀ ਮੁਰੰਮਤ ਅਤੇ ਵਿਕਾਸ ਵਿੱਚ ਸਹਾਇਤਾ ਕਰਦਾ ਹੈ, ਜੋ ਭਾਰ ਘਟਾਉਣ ਵਿੱਚ ਮਦਦ ਕਰ ਸਕਦਾ ਹੈ।